ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 27 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੧ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

### ਮੁਅੱਤਲ ਡੀਆਈਜੀ ਹਰਚਰਨ ਸਿੰਘ ਭੁੱਲਰ ਮਾਮਲੇ 'ਚ ਸੂਤਰਾਂ ਦੇ ਹਵਾਲੇ ਤੋਂ ਵੱਡੀ ਖਬਰ

## ਸੀਬੀਆਈ ਨੇ ਭੁੱਲਰ ਦੇ ਕੌਮਾਂਤਰੀ ਸਬੰਧਾਂ ਦਾ ਕੀਤਾ ਪਰਦਾਫਾਸ਼



**ਚੰਡੀਗੜ੍ਹ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਰੋਪੜ ਰੇਂਜ ਦੇ ਸਾਬਕਾ ਡੀਆਈਜੀ ਹਰਚਰਨ ਸਿੰਘ ਭੁੱਲਰ ਦੇ ਮਾਮਲੇ ਵਿੱਚ ਲਗਾਤਾਰ ਵੱਡੇ ਖੁਲਾਸੇ ਹੋ ਰਹੇ ਹਨ। ਹੁਣ ਇਸ ਮਾਮਲੇ ਵਿੱਚ ਨਵਾਂ ਮੋੜ ਆਇਆ ਹੈ। ਦੱਸ ਦੇਈਏ ਕਿ ਰਿਸ਼ਵਤਖੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਸਾਬਕਾ ਡੀਆਈਜੀ ਦੇ ਵਿਦੇਸ਼ੀ ਸਬੰਧ ਸਾਹਮਣੇ ਆਏ ਹਨ। ਭੁੱਲਰ ਨੇ ਡਿਊਟੀ ਦੌਰਾਨ ਲਗਭਗ 10 ਵਾਰ ਦੁਬਈ ਦੀ ਯਾਤਰਾ ਕੀਤੀ ਸੀ। ਸੀਬੀਆਈ ਨੇ ਭੁੱਲਰ ਦਾ ਪਾਸਪੋਰਟ ਜ਼ਬਤ ਕਰ ਲਿਆ ਹੈ ਅਤੇ ਇਸ ਰਾਹੀਂ ਉਨ੍ਹਾਂ ਦੀਆਂ ਵਿਦੇਸ਼ੀ ਯਾਤਰਾਵਾਂ ਦੇ ਵੇਰਵੇ ਇਕੱਠੇ ਕਰ ਰਹੀ ਹੈ। ਸੀਬੀਆਈ ਦੇ ਅਧਿਕਾਰਤ ਸੂਤਰਾਂ ਅਨੁਸਾਰ, ਹੁਣ ਤੱਕ ਭੁੱਲਰ ਦੇ ਦੁਬਈ ਵਿੱਚ ਦੋ ਅਤੇ ਕੈਨੇਡਾ ਵਿੱਚ ਤਿੰਨ ਫਲੈਟਾਂ ਵਜੋਂ ਹੋਈ ਹੈ। ਇਸ ਤੋਂ ਇਲਾਵਾ, ਉਸ ਕੋਲ ਲੁਧਿਆਣਾ ਵਿੱਚ ਲਗਭਗ 55 ਏਕੜ ਜ਼ਮੀਨ ਅਤੇ ਮਾਛੀਵਾੜਾ ਖੇਤਰ ਵਿੱਚ 20 ਦੁਕਾਨਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ ਹੈ। ਸੀਬੀਆਈ ਨੂੰ ਸ਼ੱਕ ਹੈ ਕਿ ਭੁੱਲਰ ਨੇ ਆਪਣੇ ਕਾਰਜਕਾਲ ਦੌਰਾਨ ਵਿਦੇਸ਼ਾਂ ਵਿੱਚ ਜਾਇਦਾਦਾਂ ਬਣਾਈਆਂ। ਸੀਬੀਆਈ ਸੂਤਰਾਂ ਦਾ ਕਹਿਣਾ ਹੈ ਕਿ ਏਜੰਸੀ ਹੁਣ ਇਨ੍ਹਾਂ ਜਾਇਦਾਦਾਂ ਦੇ ਸਰੋਤ ਦੀ ਜਾਂਚ ਕਰ ਰਹੀ ਹੈ ਅਤੇ ਇਹ ਵੀ ਜਾਂਚ ਕਰ ਰਹੀ ਹੈ ਕਿ... ਕੀ ਇਹ ਜਾਇਦਾਦਾਂ ਕਿਸੇ ਹੋਰ ਦੇ ਨਾਮ 'ਤੇ ਖਰੀਦੀਆਂ ਗਈਆਂ ਸਨ। ਆਉਣ ਵਾਲੇ ਦਿਨਾਂ ਵਿੱਚ ਭੁੱਲਰ ਦੀਆਂ ਜਾਇਦਾਦਾਂ ਬਾਰੇ ਹੋਰ ਖੁਲਾਸੇ ਹੋਣ ਦੀ ਉਮੀਦ ਹੈ। ਮੰਡੀ ਗੋਬਿੰਦਗੜ੍ਹ ਦੇ ਕਾਰੋਬਾਰੀ ਨਾਲ ਰਿਸ਼ਵਤਖੋਰੀ ਦਾ ਸੌਦਾ ਕਰਵਾਉਣ ਵਾਲੇ ਕ੍ਰਿਸ਼ਨੂ ਨੂੰ ਸੀਬੀਆਈ ਵੱਲੋਂ ਸਰਕਾਰੀ ਗਵਾਹ ਬਣਾਇਆ ਜਾ ਸਕਦਾ ਹੈ। ਇਸ ਲਈ ਸੀਬੀਆਈ ਕ੍ਰਿਸ਼ਨੂ ਨੂੰ ਅਜਿਹਾ ਕਰਨ ਲਈ ਮਨਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਜੇਕਰ ਉਹ ਸਰਕਾਰੀ ਗਵਾਹ ਬਣ ਜਾਂਦਾ ਹੈ, ਤਾਂ ਇਹ ਹਰਚਰਨ ਸਿੰਘ ਭੁੱਲਰ ਦੀਆਂ ਮੁਸ਼ਕਲਾਂ ਨੂੰ ਹੋਰ ਵਧਾ ਸਕਦਾ ਹੈ। ਸੂਤਰਾਂ ਦਾ ਕਹਿਣਾ ਹੈ ਕਿ ਏਜੰਸੀ ਨੇ ਪੰਜ ਬੈਂਕਾਂ ਦੇ ਬਿਆਨਾਂ ਦੀ ਪੁਸ਼ਟੀ ਕਰਨੀ ਸ਼ੁਰੂ ਕਰ ਦਿੱਤੀ ਹੈ, ਜਿਨ੍ਹਾਂ ਵਿੱਚ ਐਚਡੀਐਫਸੀ, ਪੀਐਨਬੀ ਅਤੇ ਆਈਸੀਆਈਸੀਆਈ ਸ਼ਾਮਲ ਹਨ। ਸੀਬੀਆਈ ਨੂੰ ਪਿਛਲੇ ਦੋ ਤੋਂ ਤਿੰਨ ਸਾਲਾਂ ਵਿੱਚ ਇਨ੍ਹਾਂ ਖਾਤਿਆਂ ਵਿੱਚ ਵੱਡੇ ਪੱਧਰ 'ਤੇ ਲੈਣ-ਦੇਣ ਦੇ ਸਬੂਤ ਮਿਲੇ ਹਨ। ਭੁੱਲਰ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਪੂਰੀ ਹੋਣ 'ਤੇ ਅਗਲੇ ਹਫ਼ਤੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਸੰਭਾਵਨਾ ਹੈ ਕਿ ਸੀਬੀਆਈ ਇਸ ਸਮੇਂ ਦੌਰਾਨ ਅਦਾਲਤ ਨੂੰ ਨਵੀਂ ਜਾਣਕਾਰੀ ਪੇਸ਼ ਕਰ ਸਕਦੀ ਹੈ ਅਤੇ ਰਿਮਾਂਡ ਦੀ ਮੰਗ ਕਰ ਸਕਦੀ ਹੈ। ਜਾਂਚ ਏਜੰਸੀ ਹੁਣ ਵਿਚੋਲੇ ਕ੍ਰਿਸ਼ਨਾਨੂ ਅਤੇ ਡੀਆਈਜੀ ਭੁੱਲਰ ਵਿਚਕਾਰ ਸੰਚਾਰ ਦੇ ਨਾਲ-ਨਾਲ ਕ੍ਰਿਸ਼ਨਾਨੂ ਦੇ ਅਧਿਕਾਰੀਆਂ ਅਤੇ ਸਿਆਸਤਦਾਨਾਂ ਨਾਲ ਸਬੰਧਾਂ ਦੀ ਜਾਂਚ ਕਰ ਰਹੀ ਹੈ। ਦੱਸ ਦੇਈਏ ਕਿ ਰਿਸ਼ਵਤਖੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਸਾਬਕਾ ਡੀਆਈਜੀ ਦੇ ਵਿਦੇਸ਼ੀ ਸਬੰਧ ਸਾਹਮਣੇ ਆਏ ਹਨ।




## ਪੰਜਾਬੀਆਂ ਲਈ ਖ਼ੁਸ਼ਖਬਰੀ: ਅੰਮ੍ਰਿਤਸਰ ਤੋਂ ਟੋਰਾਂਟੋ ਲਈ ਸ਼ੁਰੂ ਹੋਈ ਸਿੱਧੀ ਉਡਾਣ

**ਅੰਮ੍ਰਿਤਸਰ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਕੈਨੇਡਾ ਵਿਚ ਰਹਿਣ ਵਾਲੇ ਪੰਜਾਬੀਆਂ ਲਈ ਹੁਣ ਟੋਰਾਂਟੋ ਦੀ ਹਵਾਈ ਯਾਤਰਾ ਹੋਰ ਵੀ ਆਸਾਨ ਹੋ ਗਈ ਹੈ। ਕਤਰ ਏਅਰਵੇਜ਼ ਨੇ 26 ਅਕਤੂਬਰ ਤੋਂ ਆਪਣੀਆਂ ਦੋਹਾ-ਟੋਰਾਂਟੋ ਉਡਾਣਾਂ ਰੋਜ਼ਾਨਾ ਚਲਾਉਣ ਦਾ ਫ਼ੈਸਲਾ ਕੀਤਾ ਹੈ। ਇਸ ਨਾਲ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ, ਅੰਮ੍ਰਿਤਸਰ ਤੋਂ ਕੈਨੇਡਾ ਜਾਣ ਵਾਲੀਆਂ ਉਡਾਣਾਂ ਦੀ ਗਿਣਤੀ ਵਧ ਗਈ ਹੈ। ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ ਸਮੀਪ ਸਿੰਘ ਗੁਮਟਾਲਾ ਅਤੇ ਕਨਵੀਨਰ (ਉੱਤਰੀ ਅਮਰੀਕਾ) ਅਨੰਤਦੀਪ ਸਿੰਘ ਢਿੱਲੋਂ ਨੇ ਪ੍ਰੈਸ ਨੂੰ ਜਾਰੀ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਦੋਹਾ-ਟੋਰਾਂਟੋ ਉਡਾਣਾਂ ਦੇ ਵਾਧੇ ਨਾਲ ਅਕਤੂਬਰ ਮਹੀਨੇ ਦੇ ਸ਼ੁਰੂ ਵਿੱਚ ਮਿਲਾਨ ਰਾਹੀਂ ਨਿਓਸ ਏਅਰ ਦੀ ਅੰਮ੍ਰਿਤਸਰ - ਟੋਰਾਂਟੋ ਸੇਵਾ ਨੂੰ ਮੁਅੱਤਲ ਹੋਣ ਤੋਂ ਬਾਅਦ ਯਾਤਰੀਆਂ ਨੂੰ ਕੁੱਝ ਰਾਹਤ ਮਿਲੇਗੀ। ਟੋਰਾਂਟੋ ਲਈ ਰੋਜ਼ਾਨਾ ਉਡਾਣਾਂ ਦੇ ਨਾਲ ਨਾਲ, ਕਤਰ ਏਅਰਵੇਜ਼ ਕੈਨੇਡਾ ਦੇ ਮਾਂਟਰੀਆਲ ਲਈ ਵੀ ਰੋਜ਼ਾਨਾ ਉਡਾਣਾਂ ਨਾਲ ਅੰਮ੍ਰਿਤਸਰ ਨੂੰ ਜੋੜਦੀ ਹੈ। ਟੋਰਾਂਟੋ ਅਤੇ ਮਾਂਟਰੀਅਲ ਤੋਂ ਯਾਤਰੀ ਕੈਨੇਡਾ ਦੇ ਹੋਰਨਾਂ ਸ਼ਹਿਰਾ ਕੈਲਗਰੀ, ਐਡਮਿਨਟਨ ਅਤੇ ਵੈਨਕੂਵਰ ਵੀ ਏਅਰ ਕੈਨੇਡਾ ਜਾਂ ਵੈਸਟਜੈੱਟ ਏਅਰਲਾਈਨ ਰਾਹੀਂ ਆ ਜਾ ਸਕਦੇ ਹਨ। ਕਤਰ ਏਅਰਵੇਜ਼ ਨੇ ਦਸੰਬਰ 2024 ਵਿੱਚ ਹਫਤੇ ਵਿੱਚ ਤਿੰਨ ਉਡਾਣਾਂ ਨਾਲ ਆਪਣਾ ਦੋਹਾ-ਟੋਰਾਂਟੋ ਰੂਟ ਸ਼ੁਰੂ ਕੀਤਾ ਸੀ, ਜੂਨ 2025 ਵਿੱਚ ਉਡਾਣਾਂ ਦੀ ਗਿਣਤੀ ਪੰਜ ਕਰ ਦਿੱਤੀ ਗਈ ਸੀ।

## ਮੁੱਖ ਮੰਤਰੀ ਮਾਨ ਦੀ ਫੇਕ ਵੀਡੀਓ ਮਾਮਲੇ 'ਚ ਜਗਮਨ ਸਮਰਾ ਖ਼ਿਲਾਫ਼ ਗ੍ਰਿਫ਼ਤਾਰੀ ਵਾਰੰਟ ਜਾਰੀ





**ਚੰਡੀਗੜ੍ਹ/ਫਰੀਦਕੋਟ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਮਾਨ ਦੀ ਨਕਲੀ ਵੀਡੀਓ ਮਾਮਲੇ ਨਾਲ ਜੁੜੀ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਉਕਤ ਵੀਡੀਓ ਵਾਇਰਲ ਕਰਨ ਵਾਲੇ ਜਗਮਨ ਸਮਰਾ ਖ਼ਿਲਾਫ਼ ਵੱਡਾ ਐਕਸ਼ਨ ਲੈਂਦਿਆਂ ਫ਼ਰੀਦਕੋਟ ਅਦਾਲਤ ਨੇ ਉਸ ਖ਼ਿਲਾਫ਼ ਲੁੱਕ ਆਊਟ ਨੋਟਿਸ (ਗ੍ਰਿਫ਼ਤਾਰੀ ਵਾਰੰਟ) ਜਾਰੀ ਕਰ ਦਿੱਤੇ ਗਏ ਹਨ। ਜਗਮਨ ਸਮਰਾ ਖ਼ਿਲਾਫ਼ ਇਹ ਕਾਰਵਾਈ ਇਕ ਪੁਰਾਣੇ ਮਾਮਲੇ ਨੂੰ ਲੈ ਕੇ ਕੀਤੀ ਗਈ ਹੈ। ਦਰਅਸਲ ਜਗਮਨ ਸਮਰਾ ਸੰਗਰੂਰ ਦੇ ਪਿੰਡ ਫੱਗੂਵਾਲਾ ਦਾ ਰਹਿਣ ਵਾਲਾ ਹੈ, ਜਿਸ ਨੇ ਮੁੱਖ ਮੰਤਰੀ ਮਾਨ ਦੀਆਂ ਕੁੱਝ ਵੀਡੀਓਜ਼ ਵਾਇਰਲ ਕੀਤੀਆਂ, ਜਿਸ ਕਾਰਨ ਉਹ ਸੁਰਖੀਆਂ 'ਚ ਆਇਆ। ਹੁਣ ਇਕ ਪੁਰਾਣੇ ਮਾਮਲੇ ਨੂੰ ਲੈ ਕੇ ਉਸ ਖ਼ਿਲਾਫ਼ ਕਾਰਵਾਈ ਕੀਤੀ ਗਈ ਹੈ। ਉਕਤ ਮਾਮਲੇ ਸਬੰਧੀ ਜਗਮਨ ਸਮਰਾ ਫ਼ਰੀਦਕੋਟ ਜੇਲ੍ਹ 'ਚ ਬੰਦ ਸੀ ਅਤੇ ਫਿਰ ਸਾਲ 2022 'ਚ ਉਹ ਜੇਲ੍ਹ 'ਚੋਂ ਫ਼ਰਾਰ ਹੋ ਗਿਆ, ਜਿਸ ਤੋਂ ਬਾਅਦ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ। ਹੁਣ ਇਸ ਮਾਮਲੇ 'ਚ ਫ਼ਰੀਦਕੋਟ ਅਦਾਲਤ ਵਲੋਂ ਜਗਮਨ ਸਮਰਾ ਖ਼ਿਲਾਫ਼ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤੇ ਗਏ ਹਨ। ਇਸ ਵੇਲੇ ਉਹ ਕੈਨੇਡਾ ਵਿਖੇ ਰਹਿ ਰਹਿ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ 28 ਅਕਤੂਬਰ ਨੂੰ ਹੋਵੇਗੀ।

## ਗੁਲਾਬ ਸਿੱਧੂ ਖਿਲਾਫ਼ ਇਕੱਠੇ ਹੋਏ 'ਸਰਪੰਚ', ਕਿਹਾ - ਗਾਇਕ ਮਾਫੀ ਮੰਗੇ, ਨਹੀਂ ਤਾਂ ਕਰਾਂਗੇ ਕਾਰਵਾਈ

**ਚੰਡੀਗੜ੍ਹ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਜਿੱਥੇ ਆਪਣੇ ਗੀਤਾਂ ਵਿੱਚ ਪੰਜਾਬ ਦੇ ਸੱਭਿਆਚਾਰ ਨੂੰ ਪ੍ਰਦਰਸ਼ਿਤ ਕਰਕੇ ਦਿਲ ਜਿੱਤਦੇ ਹਨ, ਉੱਥੇ ਹੀ ਕਈ ਅਜਿਹੇ ਗੀਤ ਵੀ ਗਾਉਂਦੇ ਹਨ ਜੋ ਵਿਵਾਦ ਪੈਦਾ ਕਰਦੇ ਹਨ। ਅਜਿਹੀ ਹੀ ਇੱਕ ਘਟਨਾ ਬਰਨਾਲਾ ਤੋਂ ਸਾਹਮਣੇ ਆਈ ਹੈ, ਜਿੱਥੇ ਬਰਨਾਲਾ ਦੇ ਨੇੜਲੇ ਪਿੰਡ ਫਰਵਾਹੀ ਦੇ ਇੱਕ ਪੰਜਾਬੀ ਗਾਇਕ ਨੇ ਚੁਣੇ ਹੋਏ ਪਿੰਡ ਦੇ ਸਰਪੰਚ ਅਤੇ ਇਸਦੇ ਲੋਕਾਂ ਬਾਰੇ ਇੱਕ ਗੀਤ ਗਾਇਆ, ਜੋ ਚਰਚਾ ਦਾ ਵਿਸ਼ਾ ਬਣ ਗਿਆ ਹੈ। ਇਸ ਗੀਤ ਦਾ ਬਰਨਾਲਾ ਜ਼ਿਲ੍ਹੇ ਦੇ ਪਿੰਡਾਂ ਦੇ ਸਰਪੰਚਾਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਬਰਨਾਲਾ ਜ਼ਿਲ੍ਹੇ ਦੇ ਪਿੰਡਾਂ ਦੇ ਸੈਂਕੜੇ ਸਰਪੰਚ ਡੀਸੀ ਦਫ਼ਤਰ ਦੇ ਗੇਟ ਦੇ ਬਾਹਰ ਇਕੱਠੇ ਹੋਏ ਅਤੇ ਪੰਜਾਬੀ ਗਾਇਕ ਗੁਲਾਬ ਸਿੱਧੂ ਵਿਰੁੱਧ ਨਾਅਰੇਬਾਜ਼ੀ ਕੀਤੀ। ਇਸ ਮੌਕੇ ਗਾਇਕ ਗੁਲਾਬ ਸਿੱਧੂ ਵਿਰੁੱਧ ਗੰਭੀਰ ਦੋਸ਼ ਲਗਾਉਂਦੇ ਹੋਏ ਕਿਹਾ ਕਿ ਗੁਲਾਬ ਸਿੱਧੂ ਇੱਕ ਪੰਜਾਬੀ ਗਾਇਕ ਹੈ। ਸਰਪੰਚਾਂ ਦੀ ਉਸ ਨਾਲ ਕੋਈ ਨਿੱਜੀ ਦੁਸ਼ਮਣੀ ਨਹੀਂ ਹੈ, ਪਰ ਅੱਜ ਉਹ ਆਪਣੇ ਵਿਰੋਧ ਵਿੱਚ ਇੱਕਜੁੱਟ ਹਨ, ਕਿਉਂਕਿ ਪੰਜਾਬੀ ਗਾਇਕ ਗੁਲਾਬ ਸਿੱਧੂ ਨੇ ਹਾਲ ਹੀ ਵਿੱਚ ਆਪਣੇ ਵੱਲੋਂ ਜਾਰੀ ਕੀਤੇ ਇੱਕ ਪੰਜਾਬੀ ਗੀਤ ਵਿੱਚ ਚੁਣੇ ਹੋਏ ਸਰਪੰਚ ਅਤੇ ਪੂਰੇ ਪਿੰਡ ਨੂੰ ਕੁੱਟਣ ਦੀ ਧਮਕੀ ਦਿੱਤੀ ਸੀ। ਸਰਪੰਚਾਂ ਨੇ ਇਹ ਵੀ ਕਿਹਾ ਕਿ ਸਰਕਾਰ ਤੋਂ ਇਲਾਵਾ, ਸਰਪੰਚ ਪਿੰਡ ਦੇ ਵਿਕਾਸ ਪ੍ਰੋਜੈਕਟਾਂ ਵਿੱਚ ਦਿਨ-ਰਾਤ ਯੋਗਦਾਨ ਪਾਉਂਦਾ ਹੈ, ਪਿੰਡ ਨੂੰ ਬਦਲਣ ਲਈ ਆਪਣੀ ਜੇਬ ਵਿੱਚੋਂ ਖਰਚ ਕਰਦਾ ਹੈ। ਪਿੰਡ ਵਿੱਚ ਸਰਪੰਚਾਂ ਨੂੰ ਉਨ੍ਹਾਂ ਦੇ ਚੰਗੇ ਕੰਮ ਲਈ ਉਤਸ਼ਾਹਿਤ ਕਰਨ ਦੀ ਬਜਾਏ, ਉਸਨੇ ਜਾਣਬੁੱਝ ਕੇ ਇਹ ਗੀਤ ਆਪਣੇ ਗੀਤ ਨੂੰ ਪ੍ਰਸਿੱਧ ਕਰਨ ਲਈ ਗਾਇਆ। ਕੁਝ ਸਰਪੰਚਾਂ ਨੇ ਇਹ ਵੀ ਦੋਸ਼ ਲਗਾਇਆ ਕਿ ਸਰਪੰਚ ਵਾਧੂ ਪ੍ਰਚਾਰ ਪ੍ਰਾਪਤ ਕਰਨ ਅਤੇ ਜਨਤਾ ਵਿੱਚ ਆਪਣੇ ਨਾਮ ਦਾ ਪ੍ਰਚਾਰ ਕਰਨ ਦੀ ਕੋਸ਼ਿਸ਼ ਵਿੱਚ ਸਰਪੰਚਾਂ ਵਿਰੁੱਧ ਟਿੱਪਣੀਆਂ ਕਰ ਰਹੇ ਹਨ, ਤਾਂ ਜੋ ਉਹ ਖ਼ਬਰਾਂ ਵਿੱਚ ਰਹਿ ਸਕਣ। ਸਰਪੰਚਾਂ ਨੇ ਚੇਤਾਵਨੀ ਦਿੱਤੀ ਕਿ ਪਿੰਡ ਵਿੱਚ ਕੋਈ ਵੀ ਅਖਾੜਾ ਜਾਂ ਸਮਾਗਮ ਉਦੋਂ ਤੱਕ ਨਹੀਂ ਕੀਤਾ ਜਾਵੇਗਾ, ਜਦੋਂ ਤੱਕ ਗੁਲਾਬ ਸਿੱਧੂ ਸਰਪੰਚਾਂ ਦੇ ਇੱਕ ਵੱਡੇ ਇਕੱਠ ਵਿੱਚ ਮੁਆਫ਼ੀ ਨਹੀਂ ਮੰਗਦੇ। ਜਦੋਂ ਗੁਲਾਬ ਸਿੱਧੂ ਦੇ ਪਿੰਡ ਫਰਵਾਹੀ ਦੇ ਸਰਪੰਚ ਜਗਸੀਰ ਸਿੰਘ ਨੇ ਇਸ ਮਾਮਲੇ ਬਾਰੇ ਪਰਿਵਾਰ ਨਾਲ ਗੱਲ ਕੀਤੀ, ਤਾਂ ਉਸਨੂੰ ਕੋਈ ਸਕਾਰਾਤਮਕ ਜਵਾਬ ਨਹੀਂ ਮਿਲਿਆ। ਸਰਪੰਚਾਂ ਨੇ ਇਕੱਠ ਨੂੰ ਦੱਸਿਆ ਕਿ ਗਾਇਕ ਦੀ ਮਾਂ ਨੇ ਕਿਹਾ ਹੈ ਕਿ ਗਾਇਕਾਂ ਵਿਰੁੱਧ ਹਰ ਸਮੇਂ ਨੋਟਿਸਾਂ ਦੀ ਕੋਈ ਲੋੜ ਨਹੀਂ ਹੈ। ਇਹ ਸ਼ਬਦ ਗਾਇਕ ਨੇ ਇੱਕ ਪੰਜਾਬੀ ਗੀਤ ਵਿੱਚ ਵਰਤੇ ਸਨ, ਜਿਸ ਵਿੱਚ "ਸਣੇ ਸਰਪੰਚ ਸਾਰਾ ਪਿੰਡ ਕੁਟ ਦਿਉਂ" ਦੇ ਬੋਲ ਸ਼ਾਮਲ ਸਨ, ਜਿਸਦਾ ਸਰਪੰਚਾਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਸਰਪੰਚਾਂ ਨੇ ਆਪਣੇ ਵਿਰੋਧ ਵਿੱਚ ਇੱਕਜੁੱਟ ਹੋ ਕੇ ਗੀਤ ਨੂੰ ਸੋਸ਼ਲ ਮੀਡੀਆ ਅਕਾਊਂਟਾਂ ਤੋਂ ਹਟਾਉਣ, ਗੀਤ 'ਤੇ ਪਾਬੰਦੀ ਲਗਾਉਣ ਅਤੇ ਗਾਇਕ ਤੋਂ ਮੁਆਫ਼ੀ ਮੰਗਣ ਦੀ ਮੰਗ ਕੀਤੀ। ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਹੈ, ਤਾਂ ਸਰਪੰਚ ਸਾਂਝੇ ਤੌਰ 'ਤੇ ਗਾਇਕ ਵਿਰੁੱਧ ਪੁਲਿਸ ਕਾਰਵਾਈ ਕਰਨਗੇ ਅਤੇ ਉਸਦੇ ਸੰਗੀਤ ਸਮਾਰੋਹਾਂ ਦਾ ਵਿਰੋਧ ਕਰਨਗੇ। ਸਰਪੰਚਾਂ ਨੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਡੀਜੇ ਮਾਲਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਡੀਜੇ 'ਤੇ ਗੀਤ ਨਾ ਚਲਾਉਣ। ਬਰਨਾਲਾ ਜ਼ਿਲ੍ਹੇ ਦੇ ਸਰਪੰਚਾਂ ਨੇ ਇੱਕਜੁੱਟ ਹੋ ਕੇ ਚੇਤਾਵਨੀ ਦਿੱਤੀ ਹੈ ਕਿ ਗਾਇਕ ਗੁਲਾਬ ਸਿੱਧੂ ਵਿਰੁੱਧ ਸੋਮਵਾਰ ਨੂੰ ਬਰਨਾਲਾ ਵਿੱਚ ਇੱਕ ਵੱਡਾ ਇਕੱਠ ਕੀਤਾ ਜਾਵੇਗਾ।

## ਜਸ਼ਨਪ੍ਰੀਤ ਸਿੰਘ ਨੂੰ ਬਿਨਾਂ ਦਸਤਾਰ ਅਮਰੀਕਾ ਦੀ ਅਦਾਲਤ 'ਚ ਕੀਤਾ ਪੇਸ਼, ਸੁਖਬੀਰ ਬਾਦਲ ਨੇ ਭਾਰਤੀ ਵਿਦੇਸ਼ ਮੰਤਰਾਲੇ ਨੂੰ ਦਖ਼ਲ ਦੇਣ ਦੀ ਕੀਤੀ ਅਪੀਲ



**ਕੈਲੀਫੋਰਨੀਆਂ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਵਿੱਚ ਇੱਕ ਟਰੱਕ ਹਾਦਸੇ ਦੇ ਦੋਸ਼ੀ 22 ਸਾਲਾ ਭਾਰਤੀ ਮੂਲ ਦੇ ਟਰੱਕ ਡਰਾਈਵਰ ਜਸ਼ਨਪ੍ਰੀਤ ਸਿੰਘ ਦੇ ਪਰਿਵਾਰ ਨੇ ਇਨ੍ਹਾਂ ਦੋਸ਼ਾਂ ਨੂੰ ਸਪੱਸ਼ਟ ਤੌਰ 'ਤੇ ਨਕਾਰ ਦਿੱਤਾ ਹੈ ਕਿ ਉਨ੍ਹਾਂ ਦਾ ਪੁੱਤਰ ਗੱਡੀ ਚਲਾਉਂਦੇ ਸਮੇਂ ਸ਼ਰਾਬ ਪੀ ਰਿਹਾ ਸੀ। ਡਰਾਈਵਰ ਦੇ ਪਰਿਵਾਰ ਨੇ ਕਿਹਾ ਕਿ ਉਹ ਇੱਕ ਅੰਮ੍ਰਿਤਧਾਰੀ ਸਿੱਖ ਹੈ ਅਤੇ ਉਸਨੇ ਕਦੇ ਵੀ ਨਸ਼ੇ ਦਾ ਸੇਵਨ ਨਹੀਂ ਕੀਤਾ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਦੀਨਾਨਗਰ ਦੇ ਪਿੰਡ ਪੁਰਾਣਾ ਸ਼ਾਲਾ ਦੇ 21 ਸਾਲਾ ਅੰਮ੍ਰਿਤਧਾਰੀ ਸਿੱਖ ਨੌਜਵਾਨ ਜਸ਼ਨਪ੍ਰੀਤ ਸਿੰਘ ਦੇ ਪਰਿਵਾਰ ਨੇ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਮਲਜੀਤ ਸਿੰਘ ਚਾਵਲਾ ਸਮੇਤ ਮੇਰੇ ਨਾਲ ਮੁਲਾਕਾਤ ਕੀਤੀ । ਭਾਵੇਂ ਉਨ੍ਹਾਂ ਦੀਆਂ ਅੱਖਾਂ 'ਚ ਦੁੱਖ ਦੀ ਪੀੜਾ ਸੀ, ਪਰ ਨਾਲ ਹੀ ਉਮੀਦ ਦੀ ਰੌਸ਼ਨੀ ਵੀ ਸੀ। ਉਨ੍ਹਾਂ ਨੇ ਪੂਰਨ ਭਰੋਸੇ ਨਾਲ ਕਿਹਾ ਕਿ ਜਸ਼ਨਪ੍ਰੀਤ, ਇੱਕ ਮਿਹਨਤੀ ਅਤੇ ਸੰਜੀਦਾ ਨੌਜਵਾਨ ਹੈ , ਜਿਸ 'ਤੇ ਅਮਰੀਕਾ ਦੇ ਸੈਨ ਬਰਨਾਰਡੀਨੋ ਕਾਊਂਟੀ 'ਚ ਹੋਈ ਦੁੱਖਦਾਈ 9-10 ਸੜਕੀ ਹਾਦਸੇ 'ਦੌਰਾਨ ਨਸ਼ੇ ਦੇ ਅਸਰ ਹੇਠ ਹੋਣ ਦਾ ਗਲਤ ਦੋਸ਼ ਲਗਾਇਆ ਗਿਆ ਹੈ । ਉਨ੍ਹਾਂ ਦਾ ਕਹਿਣਾ ਹੈ ਕਿ ਟੌਕਸੀਕੋਲੋਜੀ ਦੀਆਂ ਰਿਪੋਰਟਾਂ ਗੰਭੀਰ ਤੌਰ 'ਤੇ ਗਲਤ ਹਨ ਅਤੇ ਉਨ੍ਹਾਂ ਦੀ ਦੁਬਾਰਾ ਜਾਂਚ ਹੋਣੀ ਚਾਹੀਦੀ ਹੈ । ਜਿੱਥੇ ਮੈਂ ਇਸ ਦਰਦਨਾਕ ਹਾਦਸੇ 'ਚ ਜਾਨ ਗੁਆਉਣ ਵਾਲਿਆਂ ਲਈ ਡੂੰਘੀ ਹਮਦਰਦੀ ਪ੍ਰਗਟ ਕਰਦਾ ਹੋਇਆ ਦੁਖੀ ਪਰਿਵਾਰਾਂ ਨਾਲ ਸੰਵੇਦਨਾ ਪ੍ਰਗਟਾਉਂਦਾ ਹਾਂ, ਉੱਥੇ ਹੀ ਮੈਂ ਅਮਰੀਕੀ ਅਧਿਕਾਰੀਆਂ ਨੂੰ ਨਿਮਰ ਅਪੀਲ ਕਰਦਾ ਹਾਂ ਕਿ ਪੂਰੇ ਮਾਮਲੇ ਦੀ ਇਮਾਨਦਾਰੀ ਨਾਲ ਜਾਂਚ ਕੀਤੀ ਜਾਵੇ, ਵਿਦੇਸ਼ 'ਚ ਰਹਿੰਦਾ ਇਹ ਨੌਜਵਾਨ ਹਮਦਰਦੀ ਦਾ ਹੱਕਦਾਰ ਹੈ । ਇਸ ਦੇ ਨਾਲ ਹੀ ਮੈਂ ਭਾਰਤ ਦੇ ਵਿਦੇਸ਼ ਮਾਮਲਿਆਂ ਦੇ ਮੰਤਰੀ ਡਾ. ਐਸ. ਜੈਸ਼ੰਕਰ ਨੂੰ ਵੀ ਬੇਨਤੀ ਕਰਦਾ ਹਾਂ ਕਿ ਜਸ਼ਨਪ੍ਰੀਤ ਦੇ ਅਧਿਕਾਰਾਂ ਦੀ ਰੱਖਿਆ ਯਕੀਨੀ ਬਣਾਈ ਜਾਵੇ । ਜਸ਼ਨਪ੍ਰੀਤ ਦੀਆਂ ਅਦਾਲਤ 'ਚ ਬਿਨਾਂ ਦਸਤਾਰ ਦੇ ਤਸਵੀਰਾਂ ਸਾਹਮਣੇ ਆਉਣੀਆਂ ਬਹੁਤ ਹੀ ਦੁਖਦਾਈ ਹਨ ਕਿਉਂਕਿ ਇਹ ਉਸ ਦੀ ਸਿੱਖ ਪਹਿਚਾਣ ਦੀ ਉਲੰਘਣਾ ਹੈ, ਜੋ ਸਾਡੀ ਚਿੰਤਾ ਨੂੰ ਹੋਰ ਵਧਾਉਂਦੀ ਹੈ । ਅਸੀਂ ਅਰਦਾਸ ਕਰਦੇ ਹਾਂ ਕਿ ਇਨਸਾਫ਼ ਦਇਆ ਭਾਵਨਾ ਨਾਲ ਹੋਵੇ । ਜਸ਼ਨਪ੍ਰੀਤ ਸਿੰਘ ਨੇ ਮੰਗਲਵਾਰ ਨੂੰ ਦੱਖਣੀ ਕੈਲੀਫੋਰਨੀਆ ਵਿੱਚ ਕਥਿਤ ਤੌਰ 'ਤੇ ਆਪਣੇ ਟਰੱਕ ਨੂੰ ਹੌਲੀ-ਹੌਲੀ ਚੱਲ ਰਹੇ ਵਾਹਨਾਂ ਨਾਲ ਟੱਕਰ ਮਾਰ ਦਿੱਤੀ, ਜਿਸ ਕਾਰਨ ਤਿੰਨ ਲੋਕਾਂ ਦੀ ਮੌਤ ਹੋ ਗਈ ਤੇ ਕਈ ਹੋਰ ਜ਼ਖਮੀ ਹੋ ਗਏ। ਪੁਲਿਸ ਨੇ ਦੱਸਿਆ ਕਿ ਜਸ਼ਨਪ੍ਰੀਤ ਸਿੰਘ ਬ੍ਰੇਕ ਲਗਾਉਣ ਵਿੱਚ ਅਸਫਲ ਰਿਹਾ। ਇਹ ਵੀ ਕਿਹਾ ਗਿਆ ਕਿ ਡਰਾਈਵਰ ਸ਼ਰਾਬੀ ਸੀ। ਇਸ ਮਾਮਲੇ ਦੀ ਅਗਲੀ ਸੁਣਵਾਈ ਹੁਣ ਆਉਂਦੀ 4 ਨਵੰਬਰ ਨੂੰ ਹੋਵੇਗੀ।

## ਸਿੱਖ ਨੌਜਵਾਨ ਨੇ Power Slap ਮੁਕਾਬਲੇ 'ਚ ਰਚਿਆ ਇਤਿਹਾਸ, ਮੁਕਾਬਲਾ ਜਿੱਤਣ ਵਾਲਾ ਪਹਿਲਾ ਸਿੱਖ ਬਣਿਆ ਜੁਝਾਰ ਸਿੰਘ



**ਆਬੂਧਾਬੀ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਰੋਪੜ ਜ਼ਿਲ੍ਹੇ ਦੇ ਚਮਕੌਰ ਸਾਹਿਬ ਦੇ ਜੁਝਾਰ ਸਿੰਘ ਅਬੂ ਧਾਬੀ ਵਿੱਚ ਹੋਏ ਪਾਵਰ ਸਪੈਲ ਮੁਕਾਬਲੇ ਦੇ ਪਹਿਲੇ ਸਿੱਖ ਚੈਂਪੀਅਨ ਬਣ ਗਏ ਹਨ। ਉਨ੍ਹਾਂ ਨੇ 24 ਅਕਤੂਬਰ ਨੂੰ ਆਪਣੇ ਮੁਕਾਬਲੇਬਾਜ਼ ਐਂਟੋਨੀ ਗਲੁਸ਼ਕਾ ਨੂੰ ਇੱਕ ਥੱਪੜ ਮਾਰ ਕੇ ਹਰਾਇਆ। ਜੁਝਾਰ ਸਿੰਘ ਨੇ ਆਪਣੇ ਫੇਸਬੁੱਕ ਪੇਜ 'ਤੇ ਅਬੂ ਧਾਬੀ ਵਿੱਚ ਹੋਏ ਮੁਕਾਬਲੇ ਦੀ ਇੱਕ ਵੀਡੀਓ ਸਾਂਝੀ ਕੀਤੀ ਹੈ। ਵੀਡੀਓ ਵਿੱਚ, ਜੁਝਾਰ ਸਿੰਘ ਨੱਚਦੇ ਹੋਏ ਦਿਖਾਈ ਦੇ ਰਹੇ ਹਨ। ਜਿੱਤਣ ਤੋਂ ਬਾਅਦ, ਉਹ ਕਹਿੰਦਾ ਹੈ, "ਮੈਂ ਹਾਂ ਜੇਤੂ।" ਜੁਝਾਰ ਸਿੰਘ ਨੇ ਪੋਸਟ 'ਚ ਲਿਖਿਆ, "ਅੱਜ ਮੇਰਾ ਸੁਪਨਾ ਪੂਰਾ ਹੋਇਆ। ਹੁਣ ਮੈਂ ਪਹਿਲਾ ਪਾਵਰ ਸਲੈਪ ਇੰਡੀਅਨ ਚੈਂਪੀਅਨ ਬਣ ਗਿਆ ਹਾਂ।" 24 ਅਕਤੂਬਰ ਨੂੰ ਦੁਬਈ ਵਿੱਚ ਮੁਕਾਬਲੇ ਦੇ ਤੀਜੇ ਦੌਰ ਵਿੱਚ ਜੁਝਾਰ ਨੇ ਆਪਣੇ ਰੂਸੀ ਵਿਰੋਧੀ ਨੂੰ ਇੱਕ ਥੱਪੜ ਨਾਲ ਹਿਲਾ ਕੇ ਰੱਖ ਦਿੱਤਾ। ਇਸ ਤੋਂ ਪਹਿਲਾਂ, ਜੁਝਾਰ ਅਤੇ ਗਲੁਸ਼ਕਾ ਵਿਚਕਾਰ ਸਿੱਕਾ ਟਾਸ ਹੋਇਆ। ਗਲੁਸ਼ਕਾ ਨੇ ਟਾਸ ਜਿੱਤਿਆ ਅਤੇ ਜੁਝਾਰ 'ਤੇ ਪਹਿਲਾ ਥੱਪੜ ਮਾਰਿਆ। ਥੱਪੜ ਨਾਲ ਜੁਝਾਰ ਇੱਕ ਕਦਮ ਪਿੱਛੇ ਹਟ ਗਿਆ। ਫਿਰ ਜੁਝਾਰ ਨੇ ਗਲੁਸ਼ਕਾ ਨੂੰ ਥੱਪੜ ਮਾਰਿਆ, ਪਰ ਗਲੁਸ਼ਕਾ ਹਿੱਲਿਆ ਨਹੀਂ। ਪਹਿਲੇ ਦੌਰ ਵਿੱਚ, ਜੁਝਾਰ ਨੂੰ 9 ਅੰਕ ਮਿਲੇ, ਜਦੋਂ ਕਿ ਗਲੁਸ਼ਕਾ ਨੂੰ 10 ਅੰਕ ਮਿਲੇ। ਦੂਜੇ ਦੌਰ ਵਿੱਚ, ਗਲੁਸ਼ਕਾ ਦੇ ਥੱਪੜ ਨਾਲ ਜੁਝਾਰ ਦੀ ਅੱਖ ਜ਼ਖ਼ਮੀ ਹੋ ਗਈ, ਜਿਸ ਨੂੰ ਫਾਊਲ ਮੰਨਿਆ ਗਿਆ। ਤੀਜੇ ਦੌਰ ਵਿੱਚ, ਗਲੁਸ਼ਕਾ ਨੇ ਜੁਝਾਰ ਨੂੰ ਥੱਪੜ ਮਾਰਿਆ, ਪਰ ਜੁਝਾਰ ਹਿੱਲਿਆ ਨਹੀਂ। ਇਸ ਨਾਲ ਉਸ ਨੂੰ 10 ਅੰਕ ਮਿਲੇ। ਤੀਜੇ ਦੌਰ ਦੇ ਆਖ਼ਰੀ ਥੱਪੜ ਵਿੱਚ, ਜੁਝਾਰ ਦੇ ਥੱਪੜ ਨੇ ਗਲੁਸ਼ਕਾ ਨੂੰ ਬੁਰੀ ਤਰ੍ਹਾਂ ਹਿਲਾ ਕੇ ਰੱਖ ਦਿੱਤਾ, ਜਿਸ ਨਾਲ ਜੁਝਾਰ ਨੂੰ ਕੁੱਲ 29 ਅੰਕ ਮਿਲੇ ਅਤੇ ਗਲੁਸ਼ਕਾ ਨੂੰ 27। ਜਿਵੇਂ ਹੀ ਜੁਝਾਰ ਦੀ ਜਿੱਤ ਦਾ ਐਲਾਨ ਹੋਇਆ ਅਤੇ ਰੈਫਰੀ ਨੇ ਹੱਥ ਉੱਚਾ ਕੀਤਾ, ਜੁਝਾਰ ਨੇ ਸਟੇਜ 'ਤੇ ਹੀ ਭੰਗੜਾ ਪਾਉਣਾ ਸ਼ੁਰੂ ਕਰ ਦਿੱਤਾ।

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਰਘਵੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



ਭਾਈ ਕਪਤਾਨ ਸਿੰਘ
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ – ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ:
## 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**

**ਉਮੀਦਵਾਰ: ਭਾਈ ਮਨਦੀਪ ਸਿੰਘ (ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--✶ ਜਾਰੀ ਕਰਤਾ ✶--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk

email: sanjha47@hotmail.com

# SANJHA PUNJAB

## VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ ਕੌਮ
AWAZE QAUM
International Newspaper & WEB TV

# ਬੱਬਰਾਂ ਦੇ ਹਾਈਕੋਰਟ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਿਤ ਸਮਾਗਮਾਂ ਦੀ ਹੋਈ ਆਰੰਭਤਾ











ਜੱਸੋਵਾਲ - ਗੁਰਦੁਆਰਾ ਸ਼ਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ) ਵਿਖੇ 1 ਨਵੰਬਰ ਨੂੰ ਹੋਣ ਵਾਲੇ ਵੱਡੇ ਧਾਰਮਿਕ ਸਮਾਗਮ ਲਈ ਤਿਆਰੀਆਂ ਜੋਰਾਂ 'ਤੇ ਹਨ। ਇਸ ਸਬੰਧ ਵਿੱਚ ਸੰਤ ਚਰਨਜੀਤ ਸਿੰਘ ਜੱਸੋਵਾਲ, ਜੋ ਕਿ ਦਮਦਮੀ ਟਕਸਾਲ ਦੇ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਹਨ, ਨੇ ਅੱਜ ਪਿੰਡ ਉਗੋਵਾਲ ਦੀਆਂ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਦੇ ਕੇ ਸਮਾਗਮ ਵਿੱਚ ਸ਼ਿਰਕਤ ਕਰਨ ਦੀ ਬੇਨਤੀ ਕੀਤੀ। ਸੰਤ ਚਰਨਜੀਤ ਸਿੰਘ ਜੱਸੋਵਾਲ ਨੇ ਕਿਹਾ ਕਿ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਇਹ ਸਮਾਗਮ ਗੁਰਮਤਿ ਪ੍ਰਚਾਰ, ਕੀਰਤਨ ਦਰਬਾਰ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਹੈ। ਉਨ੍ਹਾਂ ਨੇ ਕਿਹਾ ਕਿ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰਬਾਣੀ ਦਾ ਲਾਹਾ ਲੈਣ।

ਆਵਾਜ਼ਿ ਕੌਮ AWAZE QAUM International Newspaper & WEB TV

## ਸਮਾਗਮ ਦੀਆਂ ਤਰੀਖਾਂ ਤੇ ਵਿਸ਼ੇਸ਼ ਪ੍ਰੋਗਰਾਮ:

**ਤਾਰੀਖ਼: 1 ਨਵੰਬਰ 2025**

**ਸਥਾਨ: ਗੁਰਦੁਆਰਾ ਸਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ)**

**ਆਯੋਜਕ: ਸੰਤ ਚਰਨਜੀਤ ਸਿੰਘ ਜੱਸੋਵਾਲ, ਦਮਦਮੀ ਟਕਸਾਲ / ਇੰਟਰਨੈਸ਼ਨਲ ਪੰਥਕ ਦਲ)**

⋆ ਜਾਰੀ ਕਰਤਾ ⋆

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

**(ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ, ਅੰਤਰਰਾਸ਼ਟਰੀ ਮੁੱਖ ਬੁਲਾਰੇ, ਇੰਟਰਨੈਸ਼ਨਲ ਪੰਥਕ ਦਲ)**

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।



ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


SARDARI TRAVELS
SARDARI TRAVELS PROUDLY PRESENTS
NANKANA SAHIB YATRA
2025
31 October To 08 November
ਆਵਾਜ਼ਿ ਕੌਮ AWAZE QAUM
International Newspaper & WEB TV
Hurry Book Your Seats Now
ਗੁਰਦੁਆਰਾ ਜਨਮ ਅਸਥਾਨ ਸ਼੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ਼੍ਰੀ ਪੰਜਾ ਸਾਹਿਬ, ਗੁਰਦੁਆਰਾ ਸ਼੍ਰੀ ਡੇਹਰਾ ਸਾਹਿਬ, ਗੁਰਦੁਆਰਾ ਸ਼੍ਰੀ ਕਰਤਾਰਪੁਰ ਸਾਹਿਬ।
ਖ਼ਾਲਸਾ ਪੰਥ ਤੋਂ ਵਿਛੜੇ 25 ਤੋਂ ਵੱਧ ਗੁਰਧਾਮਾਂ ਦੀ ਇਤਿਹਾਸਕ ਯਾਤਰਾ।
ਨੋਟ - ਜੋ ਧਾਰਮਿਕ ਯਾਤਰਾ ਕਰਨ ਦੇ ਚਾਹਵਾਨ ਹਨ ਅਤੇ ਪੈਸੇ ਇਕੱਠੇ ਨਹੀਂ ਦੇ ਸਕਦੇ। ਉਹ ਸਾਨੂੰ ਪੈਸੇ ਕਿਸਤਾਂ ਰਾਹੀਂ ਵੀ ਅਦਾ ਕਰ ਸਕਦੇ ਹਨ।
ਕਿਸੇ ਵੀ ਤਰ੍ਹਾਂ ਦੀ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ -
ਸੁਲੱਖਣ ਸਿੰਘ ਇਟਲੀ +39 3471560734
Via, G.B.MORONI,11, GORLAGO BERGAMO. ITALY.




### ਅੱਜ 27 ਅਕਤੂਬਰ ਸ਼ਹੀਦੀ 'ਤੇ ਵਿਸ਼ੇਸ਼

# ਸਿਦਕੀ ਸਿੱਖ ਸ਼ਹੀਦ ਸ: ਦਰਸ਼ਨ ਸਿੰਘ ਫੇਰੂਮਾਨ ਦੀ ਕੁਰਬਾਨੀ ਨੂੰ ਯਾਦ ਕਰਦਿਆਂ

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



**ਸਿੱਖੀ ਸਿਦਕ**, ਸਬਰ ਤੇ ਸਿਰੜ ਨੂੰ ਤੋੜ ਨਿਭਾਉਣ ਵਾਲੇ ਸਿੱਖ ਆਗੂ ਸ। ਦਰਸ਼ਨ ਸਿੰਘ ਫੇਰੂਮਾਨ ਆਪਣੇ ਕੀਤੇ ਪ੍ਰਣ ਨੂੰ ਨਿਭਾਉਣ ਵਾਲੇ ਮਰਜੀਵੜੇ ਸਨ । ਆਪ ਵੀਹਵੀਂ ਸਦੀ ਦੇ ਉਨ੍ਹਾਂ ਸਿੱਖ ਆਗੂਆਂ ਵਿੱਚੋਂ ਇਕ ਸਨ, ਜਿਨ੍ਹਾਂ ਜੋ ਕਿਹਾ, ਉਸ ਨੂੰ ਪੂਰਾ ਕੀਤਾ। ਸ. ਦਰਸ਼ਨ ਸਿੰਘ ਫੇਰੂਮਾਨ ਨੇ ਆਪਣੀ ਇਸ ਕਾਇਆ ਦਾ ਬਲੀਦਾਨ ਦੇ ਕੇ ਸਮੁੱਚੇ ਪੰਜਾਬੀਆਂ ਅਤੇ ਸਿੱਖ ਜਗਤ ਤੋਂ ਭਰਪੂਰ ਸਤਿਕਾਰ ਪ੍ਰਾਪਤ ਕੀਤਾ। ਇਸ ਮਹਾਨ ਬਲੀਦਾਨੀ ਦਾ ਜਨਮ ਪਹਿਲੀ ਅਗਸਤ 1885 ਈ: ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਫੇਰੂਮਾਨ ਵਿੱਚ ਸ। ਚੰਦਾ ਸਿੰਘ ਅਤੇ ਮਾਤਾ ਚੰਦ ਕੌਰ ਦੇ ਗ੍ਰਹਿ ਵਿਖੇ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਸ. ਦਰਸ਼ਨ ਸਿੰਘ ਦੱਸਵੀਂ ਦਾ ਇਮਤਿਹਾਨ ਪਾਸ ਕਰਨ ਪਿੱਛੋਂ 1912 ਈ: ਵਿੱਚ ਭਾਰਤੀ ਅੰਗ੍ਰੇਜ਼ੀ ਫੌਜ ਵਿੱਚ ਭਰਤੀ ਹੋ ਗਏ । ਪਰ ਫੌਜ ਦੀ ਨੌਕਰੀ ਕੇਵਲ 2 ਕੁ ਸਾਲ ਕਰਨ ਤੋਂ ਬਾਅਦ ਹਿਸਾਰ (ਮੌਜੂਦਾ ਹਰਿਆਣਾ) ਵਿਖੇ ਰਹਿ ਕੇ ਠੇਕੇਦਾਰੀ ਕਰਨੀ ਸ਼ੁਰੂ ਕੀਤੀ । ਜਦੋਂ 1920 ਵਿੱਚ ਸੰਪੂਰਨ ਰੂਪ ਵਿੱਚ ਗੁਰਦੁਆਰਾ ਸੁਧਾਰ ਲਹਿਰ ਦਾ ਸਿਖ਼ਰ ਸੀ, ਆਪ ਸਿੱਖ ਸੰਘਰਸ਼ ਵਿੱਚ ਕੁੱਦ ਪਏ। 1921 ਈ: ਵਿੱਚ ਚਾਬੀਆਂ ਦੇ ਮੋਰਚੇ ਦੌਰਾਨ ਗ੍ਰਿਫਤਾਰ ਕੀਤਾ ਗਿਆ । ਇਸ ਸੰਘਰਸ਼ ਦੌਰਾਨ ਉਨ੍ਹਾਂ ਨੂੰ ਇਕ ਸਾਲ ਦੀ ਕੈਦ ਕੱਟਣੀ ਪਈ । ਇਸ ਤੋਂ ਬਾਅਦ ਦਸੰਬਰ, 1924 ਈ: ਵਿੱਚ ਜਦੋਂ ਜੈਤੋਂ ਦਾ ਮੋਰਚਾ ਆਪਣੀ ਸਿਖਰ 'ਤੇ ਸੀ, ਸਿੱਖ ਧੜਾ ਧੜ ਗ੍ਰਿਫਤਾਰੀਆਂ ਦੇ ਰਹੇ ਸਨ ਤਾਂ ਸ: ਦਰਸ਼ਨ ਸਿੰਘ ਫੇਰੂਮਾਨ ਨੂੰ 14ਵੇਂ ਜਥੇਦਾਰ ਥਾਪਿਆ ਗਿਆ । ਜਥੇ ਦੀ ਗ੍ਰਿਫਤਾਰੀ ਤੋਂ ਪਿੱਛੋਂ ਉਨ੍ਹਾਂ ਨੂੰ 10 ਮਹੀਨੇ ਦੀ ਕੈਦ ਕੱਟਣੀ ਪਈ । ਇਸ ਤੋਂ ਬਾਅਦ ਦੇਸ਼ ਦੀ ਅਜ਼ਾਦੀ ਲਈ ਚੱਲ ਰਹੇ ਸੰਘਰਸ਼ ਦੇ ਦੌਰਾਨ ਨਾ ਮਿਲ-ਵਰਤਣ ਲਹਿਰ ਵਿੱਚ ਸ਼ਾਮਿਲ ਹੋ ਕੇ ਮੁੜ 14 ਮਹੀਨੇ ਸਖ਼ਤ ਕੈਦ ਕੱਟਣੀ ਪਈ ।

1926 ਈ: ਵਿੱਚ ਆਪ ਮਲਾਇਆ ਚਲੇ ਗਏ, ਉਥੇ ਵੀ ਸੰਘਰਸ਼ ਨੂੰ ਮੱਠਾ ਨਹੀਂ ਪੈਣ ਦਿੱਤਾ । ਫਿਰ ਗ੍ਰਿਫਤਾਰ ਕਰ ਲਿਆ ਗਿਆ । ਜੇਲ੍ਹ ਵਿੱਚ ਸਿੱਖੀ ਦੇ ਕਕਾਰਾਂ ਦਾ ਅੰਗ ਕਛਹਿਰਾ ਪਹਿਨਣ ਦਾ ਹੱਕ ਪ੍ਰਾਪਤ ਕਰਨ ਲਈ 21 ਦਿਨ ਲਗਾਤਾਰ ਭੁੱਖ ਹੜਤਾਲ ਕੀਤੀ । ਆਪਣੀ ਗੱਲ ਨੂੰ ਮੰਨਵਾ ਕੇ ਹੀ ਭੁੱਖ ਹੜਤਾਲ ਖ਼ਤਮ ਕੀਤੀ । ਇਸ ਤੋਂ ਪਿੱਛੋਂ ਜਦੋਂ ਦੇਸ਼ ਪਰਤੇ, ਅਜ਼ਾਦੀ ਦੀ ਲਹਿਰ ਲਈ ਚੱਲ ਰਹੇ ਸੰਘਰਸ਼ ਤਹਿਤ ਕਾਂਗਰਸ ਵੱਲੋਂ ਚਲਾਈ ਸਿਵਲ-ਨਾ ਫੁਰਮਾਨੀ ਲਹਿਰ ਤੇ ਭਾਰਤ ਛੱਡੋ ਅੰਦੋਲਨ ਵਿੱਚ ਭਰਪੂਰ ਯੋਗਦਾਨ ਪਾਇਆ ।

ਕਾਂਗਰਸ ਪਾਰਟੀ ਵੱਲੋਂ ਨਾਮਜ਼ਦਗੀ ਪ੍ਰਾਪਤ ਕਰਕੇ ਆਪ ਰਾਜ ਸਭਾ ਦੇ ਮੈਂਬਰ ਪਾਰਲੀਮੈਂਟ ਵੀ ਰਹੇ । ਪਰ ਕਾਂਗਰਸ ਪਾਰਟੀ ਨਾਲ ਮੱਤਭੇਦ ਹੋਣ ਕਰਕੇ ਕਾਂਗਰਸ ਛੱਡ ਕੇ ਸੁਤੰਤਰ ਪਾਰਟੀ ਵਿੱਚ ਸ਼ਾਮਿਲ ਹੋ ਗਏ । ਪੰਜਾਬ ਵਿੱਚ ਸੁਤੰਤਰ ਪਾਰਟੀ ਦੇ ਪ੍ਰਚਾਰ ਲਈ ਲਗਾਤਾਰ ਯਤਨਸ਼ੀਲ ਰਹੇ । ਇਸ ਪਾਰਟੀ ਦੇ ਮੋਢੀ ਆਗੂ ਵਜੋਂ ਰਾਤ-ਦਿਨ ਇਕ ਕਰਕੇ ਸਖਤ ਮਿਹਨਤ ਕੀਤੀ । ਜਦੋਂ ਭਾਰਤੀ ਸਰਕਾਰ ਵੱਲੋਂ ਪੰਜਾਬੀ ਸੂਬੇ ਦੀ ਮੰਗ ਮਨ ਲਈ ਗਈ, ਪਰ ਪੰਜਾਬੀ ਬੋਲਦੇ ਇਲਾਕੇ ਅਤੇ ਚੰਡੀਗੜ੍ਹ ਨੂੰ ਪੰਜਾਬ ਤੋਂ ਬਾਹਰ ਰਹਿਣ ਦਿੱਤਾ ਗਿਆ । ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਿਲ ਕਰਵਾਉਣ ਲਈ ਉਸ ਸਮੇਂ ਦੇ ਅਕਾਲੀ ਆਗੂਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਕੀਤੀ ਅਰਦਾਸ ਤੋਂ ਵਾਰ-ਵਾਰ ਮੂੰਹ ਫੇਰਿਆ ਗਿਆ ਤਾਂ ਇਨ੍ਹਾਂ ਘਟਨਾਵਾਂ ਨਾਲ ਇਸ ਸਿਦਕੀ ਅਤੇ ਕਹਿਣੀ ਤੇ ਕਰਣੀ ਦੇ ਸੂਰੇ ਤੇ ਪੂਰੇ ਸਿੱਖ ਦੇ ਹਿਰਦੇ ਨੂੰ ਡੂੰਘੀ ਸੱਟ ਵੱਜੀ । ਸਿੱਖ ਅਰਦਾਸ ਵਿੱਚ ਸ਼ਾਮਿਲ ਸਿਦਕ ਤੇ ਸਿਰੜ ਨੂੰ ਨਿਭਾਊਣ ਵਾਲੇ ਸਿੱਖਾਂ ਦੀ ਹੁੰਦੀ ਬੇਹੁਰਮਤੀ ਸਹਾਰੀ ਨਾ ਗਈ । ਇਸ ਸਿਦਕੀ ਸਿੱਖ ਨੇ 15 ਅਗਸਤ, 1969 ਈ: ਨੂੰ ਮਰਨ ਵਰਤ ਆਰੰਭ ਕਰ ਦਿੱਤਾ । ਉਨ੍ਹਾਂ ਕਿਹਾ ਕਿ ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਿਲ ਕਰਨ ਦੀ ਮੰਗ ਪੂਰੀ ਹੋਣ ਤੱਕ ਭੁੱਖੇ ਰਹਿਣ ਦੇ ਸੰਕਲਪ ਲਈ ਕੀਤੀ ਅਰਦਾਸ ਨੂੰ ਅਤੇ ਕੀਤੇ ਪ੍ਰਣ ਨੂੰ ਜ਼ਿੰਦਗੀ ਦੀ ਡੋਰ ਟੁੱਟਣ ਤੱਕ ਨਿਭਾਵਾਂਗਾ।

ਇਸ ਮਹਾਨ ਸਿਦਕੀ ਸਿੱਖ ਨੇ ਆਪਣੇ ਪ੍ਰਣ ਨੂੰ ਨਿਭਾਉਣ ਲਈ ਅਤੇ ਕੀਤੀ ਅਰਦਾਸ 'ਤੇ ਕਾਇਮ ਰਹਿਣ ਲਈ ਲਗਾਤਾਰ 74 ਦਿਨ ਤੱਕ ਭੁੱਖੇ ਰਹਿ ਕੇ 27 ਅਕਤੂਬਵਰ, 1969 ਨੂੰ ਆਪਣਾ ਬਲੀਦਾਨ ਦਿੱਤਾ । ਅੱਜ ਅਧੀ ਸਦੀ ਬੀਤ ਜਾਣ ਤੋਂ ਬਾਅਦ ਵੀ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨਾਲ ਕੀਤਾ ਧੱਕਾ ਹਕੂਮਤ ਨੂੰ ਪੁੱਛਦਾ ਹੈ, ਅਜੇ ਹੋਰ ਕਿੰਨੀਆਂ ਕੁ ਕੁਰਬਾਨੀਆਂ ਦੀ ਲੋੜ ਹੈ। ••



# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

# ਫਰੀ ਮੈਡੀਕਲ ਕੈਂਪ

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਐਤਵਾਰ ਮਿਤੀ 2-11-2025 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 2-30 ਵਜੇ ਤੱਕ

Heart Check Up (ECG Test)

ਹੱਡੀਆਂ ਦੇ ਮਾਹਿਰ ਡਾਕਟਰ ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫਤ ਦਿਤੀਆਂ ਜਾਣਗੀਆਂ।

ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਜਾਣਗੀਆਂ

ਆਮ ਬਿਮਾਰੀਆਂ ਅਤੇ ਔਰਤਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦਾ ਚੈਕਅਪ ਕਰਨਗੇ

ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ ।
2. ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ।
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ ਪੀ.ਐਸ.ਏ.ਟੈਸਟ।
5. ਕੈਂਸਰ ਦੇ ਮਰੀਜਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ।
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫਤ ਦਵਾਈਆਂ।
8. ਆਮ ਬਿਮਾਰੀਆਂ ਸਬੰਧੀ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ।
9. ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਅਤੇ ਐਨਕਾਂ ਦਿਤੀਆ ਜਾਣਗੀਆਂ।
10. ਹੱਡੀਆਂ ਦੇ ਮਾਹਿਰ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਜੋੜਾਂ ਦੇ ਦਰਦ ਦੀਆ ਦਵਾਈਆਂ ਦੇਣਗੇ।
11. ਔਰਤਾਂ ਦੇ ਰੋਗਾ ਦੇ ਮਾਹਿਰ ਡਾਕਟਰ ਔਰਤਾਂ ਦੀਆ ਬਿਮਾਰੀਆ ਦਾ ਫਰੀ ਚੈੱਕਅਪ ਕਰਨਗੇ ਤੇ ਮੁਫਤ ਦਵਾਈਆਂ ਦਿੱਤੀਆ ਜਾਣਗੀਆਂ।

ਨੋਟ : ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ। ਸੋ ਸਾਰੀਆਂ ਔਰਤਾਂ ਚੈਕਅਪ ਜ਼ਰੂਰ ਕਰਵਾਉਣ

★ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ★

Mob. : 94630-27634, 98151-89612

### ਮੁੰਬਈ ਵਿੱਚ "ਹਿੰਦ ਦੀ ਚਾਦਰ - ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ" ਦੀ

# 350ਵੀਂ ਸ਼ਹੀਦੀ ਸ਼ਤਾਬਦੀ ਸਮਾਰੋਹ ਦਾ ਸ਼ਾਨਦਾਰ ਆਯੋਜਨ

## ਮੁੱਖ ਮੰਤਰੀ ਦੇਵੇਂਦਰ ਫੜਨਵੀਸ ਅਤੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਸਮਾਰੋਹ, ਰਾਸ਼ਟਰੀ ਇਕਤਾ ਅਤੇ ਧਾਰਮਿਕ ਸਹਿਣਸ਼ੀਲਤਾ ਦਾ ਸੰਦੇਸ਼










**ਮੁੰਬਈ/ਅੰਮ੍ਰਿਤਸਰ, 26 ਅਕਤੂਬਰ (ਸੁਖਵੰਤ ਸਿੰਘ ਚੰਨਣਕੇ)**-ਮਹਾਰਾਸ਼ਟਰ ਸਰਕਾਰ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਰਾਜ ਪੱਧਰੀ ਵਿਸ਼ਾਲ ਸਮਾਰੋਹ ਦਾ ਆਯੋਜਨ ਮੁੰਬਈ ਦੇ ਦਾਦਰ ਸਥਿਤ ਯੋਗੀ ਹਾਲ ਵਿੱਚ ਕੀਤਾ ਗਿਆ। ਇਸ ਆਤਮਿਕ ਅਤੇ ਸੱਭਿਆਚਾਰਕ ਸਮਾਰੋਹ ਦੀ ਅਗਵਾਈ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਅਤੇ ਦਮਦਮੀ ਟਕਸਾਲ ਦੇ ਮੁਖੀ, ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕੀਤੀ। ਸਮਾਗਮ ਦੌਰਾਨ ਗੁਰੂ ਸਾਹਿਬ ਦੀ ਸ਼ਹਾਦਤ ਅਤੇ ਜੀਵਨਗਾਥਾ ਨੂੰ ਸਮਰਪਿਤ ਪ੍ਰਸਿੱਧ ਗਾਇਕ ਡਾ. ਸਤਿੰਦਰ ਸਰਤਾਜ ਦਾ ਨਵਾਂ ਗੀਤ "ਹਿੰਦ ਦੀ ਚਾਦਰ" ਜਾਰੀ ਕੀਤਾ ਗਿਆ। ਸਿੱਖ ਤਾਲਮੇਲ ਕਮੇਟੀ ਦੇ ਮੁਖੀ ਭਾਈ ਜਸਪਾਲ ਸਿੰਘ ਸਿੱਧੂ ਅਨੁਸਾਰ, ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸਮਾਗਮ ਵਿੱਚ ਪਹੁੰਚੀ ਬੇਅੰਤ ਸੰਗਤ ਦਾ ਰੋਮ-ਰੋਮ ਕਰਕੇ ਧੰਨਵਾਦ ਕੀਤਾ।ਉਹਨਾਂ ਮਹਾਰਾਸ਼ਟਰ ਸਰਕਾਰ

ਆਵਾਜ਼ਿ ਕੌਮ AWAZE QAUM International Newspaper & WEB TV

ਅਤੇ ਖ਼ਾਸ ਤੌਰ 'ਤੇ ਮੁੱਖ ਮੰਤਰੀ ਫੜਨਵੀਸ ਵੱਲੋਂ ਗੁਰੂ ਸਾਹਿਬਾਂ ਪ੍ਰਤੀ ਪ੍ਰਗਟ ਕੀਤੀ ਅਟੁੱਟ ਸ਼ਰਧਾ ਅਤੇ ਉਨ੍ਹਾਂ ਦੀ ਸ਼ਹੀਦੀ ਨੂੰ ਰਾਜ ਪੱਧਰ 'ਤੇ ਯਾਦਗਾਰੀ ਢੰਗ ਨਾਲ ਮਨਾਉਣ ਲਈ ਕੀਤੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਇਹ ਪ੍ਰਯਾਸ ਨਾ ਸਿਰਫ਼ ਸਿੱਖ ਭਾਈਚਾਰੇ ਲਈ ਗੌਰਵ ਦਾ ਵਿਸ਼ਾ ਹੈ, ਸਗੋਂ ਪੂਰੇ ਭਾਰਤ ਵਿੱਚ ਧਾਰਮਿਕ ਸਹਿਣਸ਼ੀਲਤਾ, ਆਦਰ ਤੇ ਰਾਸ਼ਟਰੀ ਚੇਤਨਾ ਦੇ ਪ੍ਰਤੀਕ ਵਜੋਂ ਪ੍ਰੇਰਣਾ ਦੇਂਦਾ ਹੈ। ਉਹਨਾਂ ਕਿਹਾ, "ਸਾਡਾ ਗੁਰੂ ਪਰਿਵਾਰ ਕਿਸੇ ਇਕ ਧਰਮ ਦਾ ਨਹੀਂ, ਸਗੋਂ ਸਮੂਹ ਮਨੁੱਖਤਾ ਦਾ ਰੱਖਿਆਕ ਹੈ," ਅਤੇ ਅੱਜ ਦੇ ਸਮੇਂ ਵਿੱਚ ਇਹ ਸੰਦੇਸ਼ ਹੋਰ ਵੀ ਮਹੱਤਵਪੂਰਨ ਹੋ ਗਿਆ ਹੈ। ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਆਪਣੇ ਭਾਵਪੂਰਨ ਸੰਬੋਧਨ ਵਿੱਚ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਸਿਰਫ਼ ਸਿੱਖ ਧਰਮ ਨਹੀਂ, ਸਗੋਂ ਸਾਰੇ ਭਾਰਤੀ ਧਰਮਾਂ ਦੇ ਰੱਖਿਅਕ ਸਨ — ਇਸੇ ਕਾਰਣ ਉਹਨਾਂ ਨੂੰ "ਹਿੰਦ ਦੀ ਚਾਦਰ" ਕਿਹਾ ਜਾਂਦਾ ਹੈ। ਉਨ੍ਹਾਂ ਕਿਹਾ, "ਜਦੋਂ ਔਰੰਗਜ਼ੇਬ ਨੇ ਕਸ਼ਮੀਰੀ ਪੰਡਤਾਂ ਨੂੰ ਜ਼ਬਰਦਸਤੀ ਧਰਮ ਪਰਿਵਰਤਨ ਲਈ ਮਜਬੂਰ ਕੀਤਾ, ਤਾਂ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਉਨ੍ਹਾਂ ਦੀ ਰੱਖਿਆ ਲਈ ਆਪਣਾ ਸੀਸ ਅਰਪਣ ਕੀਤਾ। ਉਨ੍ਹਾਂ ਦੀ ਸ਼ਹਾਦਤ ਨੇ ਜੁਲਮ ਦੇ ਖ਼ਿਲਾਫ਼ ਸੱਚ ਦੀ ਅਵਾਜ਼ ਬੁਲੰਦ ਕੀਤੀ ਅਤੇ ਖਾਲਸਾ ਪੰਥ ਨੂੰ ਨਵੀਂ ਆਤਮਿਕ ਸ਼ਕਤੀ ਬਖ਼ਸ਼ੀ।" ਮੁੱਖ ਮੰਤਰੀ ਨੇ ਕਿਹਾ, "ਜੋ ਸਮਾਜ ਆਪਣੇ ਇਤਿਹਾਸ ਨੂੰ ਭੁੱਲ ਜਾਂਦਾ ਹੈ, ਉਸਦਾ ਭਵਿੱਖ ਹਨੇਰਾ ਹੋ ਜਾਂਦਾ ਹੈ।" ਉਨ੍ਹਾਂ ਜੋੜਿਆ ਕਿ ਅੱਜ ਜਿਹੜੀ ਆਜ਼ਾਦੀ, ਧਾਰਮਿਕ ਅਭਿਵਿਅਕਤੀ ਤੇ ਵਿਸ਼ਵਾਸ ਦੀ ਖੁੱਲ੍ਹੀ ਹਵਾ ਅਸੀਂ ਸਾਸ ਲੈ ਰਹੇ ਹਾਂ, ਉਹ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਕੁਰਬਾਨੀ ਦਾ ਪ੍ਰਸਾਦ ਹੈ। ਉਨ੍ਹਾਂ ਕਿਹਾ ਕਿ ਅੱਜ ਦੀਆਂ ਤਾਕਤਾਂ ਜਿਹੜੀਆਂ ਸਾਨੂੰ ਵੰਡਣ ਦੀ ਕੋਸ਼ਿਸ਼ ਕਰਦੀਆਂ ਹਨ, ਉਹਨਾਂ ਦਾ ਜਵਾਬ ਗੁਰੂ ਸਾਹਿਬ ਦੀ ਸ਼ਹਾਦਤ ਸਾਨੂੰ ਇਕਤਾ ਅਤੇ ਸਹਿਣਸ਼ੀਲਤਾ ਦਾ ਪਾਠ ਪੜ੍ਹਾ ਕੇ ਦਿੰਦੀ ਹੈ।ਉਨ੍ਹਾਂ ਇਹ ਵੀ ਕਿਹਾ ਕਿ ਇਹ ਪ੍ਰੋਗਰਾਮ ਵੱਖ-ਵੱਖ ਭਾਈਚਾਰਿਆਂ — ਸਿੱਖ, ਸਿੰਧੀ, ਲੁਬਾਣਾ, ਸਿਕਲੀਗਰ, ਬੰਜਾਰਾ ਤੇ ਮੋਹਿਆਲ ਸਮੁਦਾਇਆਂ ਨੂੰ ਗੁਰੂ ਸਾਹਿਬ ਦੀ ਸਾਂਝੀ ਵਿਰਾਸਤ ਹੇਠ ਇਕੱਠਾ ਕਰਦਾ ਹੈ। ਇਹ ਸਿਰਫ਼ ਸਮਾਜਿਕ ਏਕਤਾ ਨਹੀਂ, ਸਗੋਂ ਭਾਰਤ ਦੀ ਸਾਂਝੀ ਆਧਿਆਤਮਿਕ ਸੰਸਕ੍ਰਿਤੀ ਦਾ ਜੀਵੰਤ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਸਰਬ-ਸਾਂਝੇਵਾਲਤਾ ਦੇ ਜੀਵੰਤ ਪ੍ਰਤੀਕ ਹਨ — ਜਿਨ੍ਹਾਂ ਵਿੱਚ ਸੰਤ ਨਾਮਦੇਵ ਜੀ, ਭਗਤ ਰਵਿਦਾਸ ਜੀ ਸਮੇਤ ਕਈ ਸਾਧ-ਭਗਤਾਂ ਦੀ ਬਾਣੀ ਨੂੰ ਸਤਿਕਾਰ ਮਿਲਿਆ ਹੈ। ਮਹਾਰਾਸ਼ਟਰ ਸਰਕਾਰ ਇਸ ਅਨਮੋਲ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਸਮਾਗਮ ਦੌਰਾਨ "ਹਿੰਦ ਦੀ ਚਾਦਰ - ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ 350ਵਾਂ ਸ਼ਹੀਦੀ ਸਮਾਗਮ ਰਾਜ ਪੱਧਰੀ ਵਰਕਸ਼ਾਪ" ਦੀ ਸ਼ੁਰੂਆਤ ਕੀਤੀ ਗਈ। ਇਸੇ ਨਾਲ ਗੁਰੂ ਸਾਹਿਬ ਦੀ ਸ਼ਹਾਦਤ ਨਾਲ ਸੰਬੰਧਿਤ ਵਿਸ਼ਿਆਂ 'ਤੇ ਆਧਾਰਿਤ ਵਿਸ਼ੇਸ਼ ਵੈੱਬਸਾਈਟ ਅਤੇ ਇਤਿਹਾਸਕ ਪ੍ਰਕਾਸ਼ਨ (ਪੇਪਰ) ਦਾ ਉਦਘਾਟਨ ਵੀ ਕੀਤਾ ਗਿਆ। ਇਸ ਮੌਕੇ ਵਿਧਾਇਕ ਬਾਬੂ ਸਿੰਘ ਮਹਾਰਾਜ ਰਾਠੌੜ, ਮੰਤਰੀ ਗਿਰੀਸ਼ ਮਹਾਜਨ, ਘੱਟ ਗਿਣਤੀ ਵਿਭਾਗ ਦੇ ਸਕੱਤਰ ਰੁਚੇਸ਼ ਜੈਵੰਸ਼ੀ, ਗਾਇਕ ਡਾ. ਸਤਿੰਦਰ ਸਰਤਾਜ, ਮਹੰਤ ਸੁਨੀਲ ਮਹਾਰਾਜ, ਸਵਾਮੀ ਹੀਰਾਨੰਦ, ਰਾਮੇਸ਼ਵਰ ਨਾਇਕ, ਹੈਪੀ ਸਿੰਘ (ਮੈਂਬਰ, ਰਾਜ ਘੱਟ ਗਿਣਤੀ ਕਮਿਸ਼ਨ), ਜਸਪਾਲ ਸਿੰਘ ਸਿੱਧੂ (ਤਾਲਮੇਲ ਕਮੇਟੀ ਮੁਖੀ) ਅਤੇ ਮਲਕੀਤ ਸਿੰਘ ਬਲ (ਚੇਅਰਮੈਨ, ਪੰਜਾਬੀ ਅਕੈਡਮੀ) ਸਮੇਤ ਕਈ ਪ੍ਰਤਿਸ਼ਠਤ ਹਸਤੀਆਂ ਹਾਜ਼ਰ ਸਨ। ••



### ਮੋਦੀ ਸਰਕਾਰ ਤੋਂ ਬਿਨਾਂ ਪੰਜਾਬ ਦਾ ਵਿਕਾਸ ਅਸੰਭਵ : ਹਰਦੀਪ ਗਿੱਲ

# ਪਿੰਡ ਰਾਏਪੁਰ ਕਲਾਂ ਵਿਖੇ ਭਾਜਪਾ ਦੇ ਹੱਕ ਵਿੱਚ ਭਰਵੀਂ ਮੀਟਿੰਗ



**ਜੰਡਿਆਲਾ ਗੁਰੂ, 26 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**- ਰਵਾਇਤੀ ਪਾਰਟੀਆਂ ਨੇ ਪੰਜਾਬ ਨੂੰ ਲੁੱਟਣ ਦੇ ਸਿਵਾਏ ਕੁਝ ਨਹੀਂ ਕੀਤਾ ਤੇ ਭਾਜਪਾ ਹੀ ਪੰਜਾਬ ਨੂੰ ਖੁਸ਼ਹਾਲ ਬਣਾ ਸਕਦੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਜਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਤੇ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਪਿੰਡ ਰਾਏਪੁਰ ਕਲਾਂ ਵਿਖੇ ਭਾਜਪਾ ਦੇ ਹੱਕ ਵਿੱਚ ਹੋਈ ਭਰਵੀਂ ਮੀਟਿੰਗ ਦੌਰਾਨ ਕੀਤਾ। ਹਰਦੀਪ ਗਿੱਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਸਹੂਲਤਾਂ ਗਰੀਬ ਵਰਗ ਨੂੰ ਰਾਹਤ ਦੇਣ ਵਾਲੀਆਂ ਹਨ ਪਰ ਸੂਬੇ ਵਿੱਚ ਭਾਜਪਾ ਦੀ ਸਰਕਾਰ ਨਾ ਹੋਣ ਕਾਰਨ ਲੋਕਾਂ ਨੂੰ ਇਹਨਾਂ ਸਹੂਲਤਾਂ ਦਾ ਲਾਭ ਨਹੀਂ ਮਿਲ ਰਿਹਾ। ਉਹਨਾਂ ਕਿਹਾ ਕਿ ਕਾਂਗਰਸ, ਅਕਾਲੀ ਦਲ ਤੇ ਆਮ ਆਦਮੀ ਪਾਰਟੀ ਨੇ ਕਦੀ ਵੀ ਵੋਟਾਂ ਮਗਰੋਂ ਗਰੀਬਾਂ ਦੀ ਵਾਤ ਨਹੀਂ ਪੁੱਛੀ ਇਹਨਾਂ ਪਾਰਟੀਆਂ ਦੇ ਆਗੂ ਸਿਰਫ ਵੋਟਾਂ ਵਿੱਚ ਹੀ ਨਜ਼ਰ ਆਉਂਦੇ ਹਨ। ਕਾਂਗਰਸ ਤੇ ਅਕਾਲੀ ਦਲ ਤੋਂ ਅੱਕੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਇੱਕ ਬਦਲ ਵਜੋਂ ਚੁਣਿਆ ਸੀ ਪਰ ਇਹ ਬਦਲ ਵੀ ਫੇਲ ਸਾਬਤ ਹੋਇਆ। ਉਹਨਾਂ ਆਖਿਆ ਕਿ ਕੇਂਦਰ ਦੀ ਸਰਕਾਰ ਦੇ ਸਹਿਯੋਗ ਤੋਂ ਬਿਨਾਂ ਪੰਜਾਬ ਦੀ ਤਰੱਕੀ ਨਹੀਂ ਹੋ ਸਕਦੀ। ਡਬਲ ਇੰਜਨ ਸਰਕਾਰ ਹੀ ਸੂਬਿਆਂ ਦਾ ਸਰਬਪੱਖੀ ਵਿਕਾਸ ਕਰ ਸਕਦੀ ਹੈ। ਇਸ ਮੌਕੇ ਹਰਦੀਪ ਸਿੰਘ ਗਿੱਲ ਨੇ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਤੋਂ ਵੀ ਲੋਕਾਂ ਨੂੰ ਜਾਣੂ ਕਰਵਾਇਆ। ਲੋਕਾਂ ਨੇ ਭਾਰਤੀ ਜਨਤਾ ਪਾਰਟੀ ਦੀ ਮਜਬੂਤੀ ਲਈ ਪ੍ਰਣ ਵੀ ਲਿਆ। ਇਸ ਮੌਕੇ 'ਤੇ ਸਰਕਲ ਪ੍ਰਧਾਨ ਸੁਖਵਿੰਦਰ ਕੌਰ ਵਡਾਲੀ, ਸੁਰਜੀਤ ਸਿੰਘ, ਜਗਰੂਪ ਸਿੰਘ ਵਡਾਲੀ, ਨਿਰਵੈਲ ਸਿੰਘ, ਹਰਜੀਤ ਸਿੰਘ, ਰਾਜਵਿੰਦਰ ਕੌਰ, ਸਤਨਾਮ ਸਿੰਘ, ਨਿਰਮਲ ਕੌਰ, ਕਸ਼ਮੀਰ ਕੌਰ, ਬਲਵੀਰ ਕੌਰ, ਹਰਜੀਤ ਕੌਰ, ਰਾਜਵੀਰ, ਨਰਿੰਦਰ ਕੌਰ, ਸੁਖਰਾਜ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਵਿਸ਼ਵ ਪੋਲੀਓ ਤੋਂ ਜਾਗਰੂਕ ਕਰਦੇ ਰੋਟਰੀ ਕਲੱਬ ਫ਼ਿਰੋਜ਼ਪੁਰ ਨੇ ਲਗਾਏ ਬੈਨਰ

**ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :—** ਵਿਸ਼ਵ ਪੋਲੀਓ ਦਿਵਸ ਜਿਹੜਾ ਕਿ ਵਿਸ਼ਵ ਭਰ ਵਿੱਚ 24 ਅਕਤੂਬਰ ਨੂੰ ਪੋਲੀਓ ਦੇ ਬਚਾਓ ਵਾਸਤੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਹੈ। ਇਹ ਅੰਗਹੀਣ ਰੋਗ ਪੋਲੀਓ ਵਾਇਰਸ ਦੇ ਕਾਰਨ ਹੁੰਦਾ ਹੈ, ਇਹ ਦਿਨ ਛੋਟੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਉਣ ਲਈ ਉਤਸ਼ਾਹਿਤ ਕਰਨ ਲਈ ਵੀ ਮਨਾਇਆ ਜਾਂਦਾ ਹੈ। ਰੋਟਰੀ ਕਲੱਬ ਇੰਨਰਨੈਸ਼ਨਲ ਨੇ 1979 ਵਿਚ ਇਸ ਵਾਇਰਸ ਨੂੰ ਖ਼ਤਮ ਕਰਨ ਦਾ ਫ਼ੈਸਲਾ ਲਿਆ ਤੇ 1985 ਵਿਚ ਇਸ ਕੰਮ ਨੂੰ ਹੋਰ ਮਜ਼ਬੂਤ ਕਰਨ ਲਈ ਇਸ ਨੂੰ ਪਲਸ ਪੋਲੀਓ ਦਾ ਨਾਮ ਦਿੱਤਾ ਹੁਣ ਤੱਕ ਰੋਟਰੀ ਕਲੱਬ ਇੰਟਰਨੈਸ਼ਨਲ ਇਸ ਵਾਇਰਸ ਨੂੰ ਖਤਮ ਕਰਨ ਲਈ ਕਾਫੀ ਅੱਗੇ ਵਧ ਚੁੱਕਾ ਹੈ। ਪਲਸ ਪੋਲੀਓ ਜਾਗਰੂਕਤਾ ਸਬੰਧੀ ਅੱਜ ਰੋਟਰੀ ਕਲੱਬ ਫਿਰੋਜਪੁਰ ਨੇ ਕਈ ਪਬਲਿਕ ਥਾਵਾਂ ਤੇ ਪ੍ਰਧਾਨ ਕਿਰਪਾਲ ਸਿੰਘ ਮਕੜ ਦੀ ਅਗਵਾਈ ਹੇਠ ਪੋਲੀਓ ਦੇ ਖਾਤਮੇ ਲਈ ਬੈਨਰ ਲਗਾਏ ਅਤੇ ਇਸ ਦੌਰਾਨ ਸਕੱਤਰ ਸੰਦੀਪ ਸਿੰਗਲਾਂ ਤੇ ਡਾਕਟਰ ਸੁਰਿੰਦਰ ਸਿੰਘ ਕਪੂਰ ਨੇ ਉਚੇਚੇ ਤੌਰ ਤੇ ਸ਼ਮੂਲੀਅਤ ਕੀਤੀ।




### ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ

# ਪ੍ਰਸ਼ਾਸਨਿਕ ਅਧਿਕਾਰੀਆਂ ਮਹਿਮਾ ਪਿੰਡ ਦੇ ਕਿਸਾਨਾਂ ਨਾਲ ਕੀਤੀ ਮੀਟਿੰਗ



**ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :—** ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਮੁੱਖ ਖੇਤੀਬਾੜੀ ਅਫਸਰ ਬਲਵਿੰਦਰ ਸਿੰਘ ਅਤੇ ਸਰਕਲ ਇੰਚਾਰਜ ਨਰੇਸ਼ ਕੁਮਾਰ ਸੈਣੀ ਖੇਤੀਬਾੜੀ ਉਪ ਨਿਰੀਖਕ ਵੱਲੋਂ ਪਿੰਡ ਮਹਿਮਾ ਵਿਖੇ ਕਿਸਾਨ ਵੀਰਾਂ ਨਾਲ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਹਾਜ਼ਰ ਕਿਸਾਨਾਂ ਨੇ ਵਿਸ਼ਵਾਸ ਦਵਾਇਆ ਕਿ ਕੋਈ ਵੀ ਕਿਸਾਨ ਪਰਾਲੀ ਦੀ ਰਹਿਣ ਖੂੰਦ ਨੂੰ ਅੱਗ ਨਹੀਂ ਲਗਾਏਗਾ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਤੇ ਪ੍ਰਸ਼ਾਸਨ ਦਾ ਪੂਰਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਆਏ ਹੋਏ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਅੱਗ ਲਾਉਣ ਤੋਂ ਤਾਂ ਰੋਕ ਰਹੀ ਹੈ ਪਰ ਨੈਸ਼ਨਲ ਗਰੀਨ ਟਰਬਿਊਨਲ ਦੀਆਂ ਸ਼ਰਤਾਂ ਨੂੰ ਵੀ ਨਾਲ—ਨਾਲ ਪੂਰਾ ਕਰੇ ਅਤੇ ਵੱਡੇ ਤੇ ਛੋਟੇ ਬੇਲਰਾਂ ਰਾਹੀਂ ਕਿਸਾਨਾਂ ਦੀ ਪਰਾਲੀ ਦੀਆਂ ਗੱਠਾਂ ਬੰਨ ਕੇ ਜਲਦੀ ਤੋਂ ਜਲਦੀ ਚੁੱਕਣ ਵਿੱਚ ਸਹਿਯੋਗ ਕਰਵਾਉਣ ਵੇਖਣ ਨੂੰ ਮਿਲਿਆ ਹੈ ਕਿ ਕਈ ਥਾਵਾਂ ਤੇ ਗਠਾਂ ਬੰਨੀਆਂ ਨੂੰ ਕਾਫੀ ਟਾਈਮ ਹੋ ਗਿਆ ਹੈ ਅਤੇ ਉਨ੍ਹਾਂ ਕਿਸਾਨਾਂ ਦੀਆਂ ਜਮੀਨਾਂ ਦਾ ਵੱਤਰ ਵੀ ਖ਼ੁਸ਼ਕ ਹੋ ਰਿਹਾ ਹੈ ਵੱਡੀਆਂ ਗੱਠਾਂ ਹੋਣ ਕਾਰਨ ਕਿਸਾਨ ਉਨ੍ਹਾਂ ਗੱਠਾਂ ਨੂੰ ਨਹੀਂ ਚੁੱਕ ਸਕਦੇ ਉਨ੍ਹਾਂ ਕਿਹਾ ਕਿ ਹੜ ਪੀੜਤਾਂ ਲਈ ਖਾਦ ਅਤੇ ਮੁਫਤ ਬੀਜ ਦਾ ਪ੍ਰਬੰਧ ਵੀ ਕੀਤਾ ਜਾਵੇ। ਐਗਰੀਕਲਚਰ ਚੀਫ ਬਲਵਿੰਦਰ ਸਿੰਘ ਨੇ ਕਿਸਾਨਾਂ ਨੂੰ ਵਿਸ਼ਵਾਸ ਦਵਾਇਆ ਕਿ ਅਸੀਂ ਤੁਹਾਡੀ ਇਹ ਗੱਲ ਸਰਕਾਰ ਤੱਕ ਪਹੁੰਚਾ ਦੇਵਾਂਗੇ। ਇਸ ਮੌਕੇ ਰਾਜ ਸਿੰਘ, ਪ੍ਰਗਟ ਸਿੰਘ, ਗੁਰਮੀਤ ਸਿੰਘ, ਜੋਗਿੰਦਰ ਸਿੰਘ, ਗੁਰਸੇਵਕ ਸਿੰਘ, ਪਿੱਪਲ ਸਿੰਘ, ਰਜੋਤ ਸਿੰਘ, ਬਾਬਾ ਬਲਵਿੰਦਰ ਸਿੰਘ, ਗੁਰਮੁਖ ਸਿੰਘ, ਗੁਰ ਅੰਮ੍ਰਿਤ ਪਾਲ ਸਿੰਘ, ਬਖਸ਼ੀਸ਼ ਸਿੰਘ ਆਦਿ ਹਾਜਰ ਸਨ।

# ਗੁਰਦੁਆਰਾ ਬਾਬਾ ਬੀਰ ਸਿੰਘ, ਬਾਬਾ ਧੀਰ ਸਿੰਘ ਜੀ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 164 ਪ੍ਰਾਣੀਆਂ ਨੇ ਕੀਤਾ ਅੰਮ੍ਰਿਤਪਾਨ



**ਤਲਵੰਡੀ ਸਾਬੋ, 26 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਦੌਰਾਨ ਭਾਈ ਗੁਰਜੰਟ ਸਿੰਘ ਐਡੀਸ਼ਨਲ ਹੈੱਡ ਗ੍ਰੰਥੀ, ਭਾਈ ਬਿੰਦਰ ਸਿੰਘ ਹਜ਼ੂਰੀ ਰਾਗੀ ਜਥਾ, ਭਾਈ ਜਸਪ੍ਰੀਤ ਸਿੰਘ ਰੋੜਾਂਵਾਲੀ ਪ੍ਰਚਾਰਕ, ਭਾਈ ਬੋਹੜ ਸਿੰਘ ਈਨਾਖੇੜਾ ਕਵੀਸ਼ਰੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਗੁਰ ਇਤਿਹਾਸ ਸੁਣਾ ਕਿ ਨਿਹਾਲ ਕੀਤਾ। ਪੰਜ ਪਿਆਰੇ ਸਹਿਬਾਨਾਂ ਵੱਲੋਂ ਆਈਆਂ ਸੰਗਤਾਂ ਨੂੰ ਅੰਮ੍ਰਿਤ ਛਕਾਇਆ ਗਿਆ। ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਧਨੌਲਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵੱਲੋਂ ਆਈਆਂ ਸੰਗਤਾਂ ਨੂੰ ਜੀਓ ਆਇਆਂ ਕਿਹਾ ਗਿਆ ਅਤੇ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਗੁਰੂ ਵਾਲੇ ਬਣਨ ਲਈ ਵਧਾਈ ਦਿੱਤੀ। ਇਸ ਸਮੇਂ ਤਖ਼ਤ ਸਾਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ ਅਤੇ ਸਬ ਆਫ਼ਿਸ ਧਰਮ ਪ੍ਰਚਾਰ ਕਮੇਟੀ ਦੇ ਇੰਚਾਰਜ ਸ. ਭੋਲਾ ਸਿੰਘ ਹੀਰੇਵਾਲਾ ਮੇ ਦਸਿਆ ਕਿ ਬੇਸ਼ਕ ਭਰ ਹਫਤੇ ਹਫਤਾਵਾਰੀ ਗੁਰਮੀਤ ਸਮਾਗਮ ਵਿੱਚ ਸੈਂਕੜੇ ਸੰਗਤਾਂ ਪਹੁੰਚ ਕੇ ਦਰਸ਼ਨ ਦੀਦਾਰੇ ਕਰਦਿਆਂ ਹਨ ਸੈਂਕੜਿਆਂ ਦੀ ਗਿਣਤੀ ਚ ਅੰਮ੍ਰਿਤਪਾਨ ਕਰਦੀਆਂ ਹਨ ਉਥੇ ਹੀ ਅੱਜ ਵੀ ਲਗਭਗ 164 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ ਹਨ। ਇਸ ਮੌਕੇ ਜਿੱਥੇ ਅੰਮ੍ਰਿਤਪਾਨ ਕਰਨ ਵਾਲਿਆਂ ਸੰਗਤਾਂ ਨੂੰ ਵਧਾਈ ਉਥੇ ਹੀ ਗੁਰਬਾਣੀ ਦਾ ਜਾਪ, ਰੋਜ਼ਾਨਾ ਗੁਰੂਦੁਆਰਾ ਸਾਹਿਬ ਦੀ ਹਾਜ਼ਰੀ ਭਰਕੇ ਗੁਰੂ ਦਾ ਸ਼ੁਕਰਾਨਾਂ ਕਰਨਾ ਜ਼ਰੂਰੀ ਹੈ।

# ਨਿਊਕਲੀਅਰ ਪਰਿਵਾਰਾਂ ਵਿੱਚ ਬਜ਼ੁਰਗਾਂ ਦੀ ਹਾਲਤ ਇੱਕ ਨਾਜ਼ੁਕ ਮੁੱਦਾ

**ਆਧੁਨਿਕ** ਸਮੇਂ ਵਿੱਚ, ਨਿਊਕਲੀਅਰ ਪਰਿਵਾਰਾਂ ਵਿੱਚ ਬਜ਼ੁਰਗਾਂ ਦੀ ਹਾਲਤ ਇੱਕ ਨਾਜ਼ੁਕ ਮੁੱਦਾ ਹੈ। ਨਿਊਕਲੀਅਰ ਪਰਿਵਾਰਾਂ ਵਿੱਚ ਰਹਿਣ ਵਾਲੇ ਬਜ਼ੁਰਗਾਂ ਨੂੰ ਅਕਸਰ ਇਕੱਲਤਾ ਅਤੇ ਅਣਗਹਿਲੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹ ਆਪਣਾ ਸਾਰਾ ਜੀਵਨ ਆਪਣੇ ਪਰਿਵਾਰ ਨੂੰ ਸਮਰਪਿਤ ਕਰਦੇ ਹਨ, ਪਰ ਬਾਅਦ ਵਿੱਚ ਕਈ ਵਾਰ ਉਹਨਾ ਨੂੰ ਅਣਗੌਲਿਆ ਜਾਂਦਾ ਹੈ। ਜਦੋਂ ਬੱਚੇ ਨੌਕਰੀ ਜਾਂ ਵਿਆਹ ਕਾਰਨ ਕਿਸੇ ਹੋਰ ਸ਼ਹਿਰ ਜਾਂ ਦੇਸ਼ ਵਿੱਚ ਚਲੇ ਜਾਂਦੇ ਹਨ, ਤਾਂ ਬਜ਼ੁਰਗ ਇਕੱਲੇ ਰਹਿ ਜਾਂਦੇ ਹਨ। ਇਨ੍ਹਾਂ ਹਾਲਾਤਾਂ ਵਿੱਚ ਬਜ਼ੁਰਗਾਂ ਦੀ ਸਿਹਤ ਵੀ ਪ੍ਰਭਾਵਿਤ ਹੁੰਦੀ ਹੈ। ਬਜ਼ੁਰਗਾਂ ਨੂੰ ਸਭ ਤੋਂ ਵੱਧ ਲੋੜ ਪਿਆਰ, ਧਿਆਨ ਅਤੇ ਸਹਾਇਤਾ ਦੀ ਹੁੰਦੀ ਹੈ। ਪਰ ਅਕਸਰ ਇਹ ਚੀਜ਼ਾਂ ਉਹਨਾਂ ਨੂੰ ਨਹੀਂ ਮਿਲਦੀਆਂ। ਇਸ ਨਾਲ ਉਹ ਮਾਨਸਿਕ ਤਣਾਅ, ਉਦਾਸੀ ਅਤੇ ਨੀਂਦ ਨਾ ਆਉਣ ਵਰਗੀਆਂ ਸਮੱਸਿਆਵਾਂ ਤੋਂ ਪੀੜਤ ਹੋ ਸਕਦੇ ਹਨ। ਕਈ ਵਾਰ ਦੇਖਣ ਵਿੱਚ ਆਉਂਦਾ ਹੈ ਕਿ ਬਜੁਰਗਾਂ ਨੂੰ ਬਿਰਧ ਆਸਰਮ ਵਿੱਚ ਛੱਡ ਦਿਤਾ ਜਾਂਦਾ ਹੈ। ਇਹ ਸਮੱਸਿਆ ਸਿਰਫ਼ ਬਜ਼ੁਰਗਾਂ ਨੂੰ ਬਿਰਧ ਆਸਰਮਾਂ ਵਿੱਚ ਭੇਜਣ ਨਾਲ ਹੱਲ ਨਹੀਂ ਹੋਵੇਗੀ। ਉਨ੍ਹਾਂ ਨੂੰ ਪਿਆਰ, ਸਤਿਕਾਰ ਅਤੇ ਸਹਾਇਤਾ ਦੇਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਸਮਾਜ ਵਿੱਚ ਜਾਗਰੂਕਤਾ ਲਿਆਉਣਾ ਜ਼ਰੂਰੀ ਹੈ ਕਿ ਸਾਡੇ ਬਜ਼ੁਰਗ ਅਨੁਭਵ ਦਾ ਭੰਡਾਰ ਹਨ ਅਤੇ ਉਨ੍ਹਾਂ ਦੀ ਸੇਵਾ ਅਤੇ ਦੇਖਭਾਲ ਕਰਨਾ ਸਾਡਾ ਫਰਜ਼ ਹੈ। ਜੇਕਰ ਅਸੀਂ ਅੱਜ ਆਪਣੇ ਬਜ਼ੁਰਗਾਂ ਦਾ ਸਤਿਕਾਰ ਨਹੀਂ ਕਰਦੇ, ਤਾਂ ਕੱਲ੍ਹ ਨੂੰ ਸਾਨੂੰ ਵੀ ਇਕੱਲਤਾ ਵਿੱਚ ਰਹਿਣ ਲਈ ਮਜਬੂਰ ਕੀਤਾ ਜਾ ਸਕਦਾ ਹੈ। ਆਓ ਅਸੀਂ ਸਾਰੇ ਮਿਲ ਕੇ ਇਹ ਯਕੀਨੀ ਬਣਾਈਏ ਕਿ ਬਜ਼ੁਰਗ ਘਰ ਦਾ ਕੇਂਦਰ ਬਣੇ ਰਹਿਣ ਅਤੇ ਉਹ ਕਿਸੇ ਕੋਨੇ ਵਿੱਚ ਨਾ ਰਹਿਣ।

ਬਜ਼ੁਰਗਾਂ ਦੀ ਹਾਲਤ ਸੁਧਾਰਨ ਲਈ ਕੁਝ ਹੋਰ ਵੇਰਵੇ ਹੇਠਾਂ ਦਿੱਤੇ ਗਏ ਹਨ :-

**ਪਰਿਵਾਰਕ ਸਹਾਇਤਾ :-**

1. ਪਰਿਵਾਰਕ ਮੈਂਬਰਾਂ ਨੂੰ ਬਜ਼ੁਰਗਾਂ ਨਾਲ ਸਮਾਂ ਬਿਤਾਉਣ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਸਮਝਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਹਨਾਂ ਨਾਲ ਬੈਠ ਕੇ ਗੱਲਾਂ ਬਾਤਾਂ ਕਰਨੀਆਂ ਚਾਹੀਦੀਆਂ ਹਨ।
2. ਪਰਿਵਾਰਕ ਫੈਸਲਿਆਂ ਵਿੱਚ ਬਜ਼ੁਰਗਾਂ ਨੂੰ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਦੇ ਵਿਚਾਰਾਂ ਦੀ ਕਦਰ ਕੀਤੀ ਜਾਣੀ ਚਾਹੀਦੀ ਹੈ। ਉਹਨਾਂ ਦੇ ਤਜ਼ਰਬੇ ਦੀ ਕਦਰ ਕਰਨੀ ਚਾਹੀਦੀ ਹੈ ।
3. ਪਰਿਵਾਰਕ ਮੈਂਬਰਾਂ ਨੂੰ ਬਜ਼ੁਰਗਾਂ ਦੀ ਦੇਖਭਾਲ ਕਰਨ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰਨ ਲਈ ਤਿਆਰ ਹੋਣਾ ਚਾਹੀਦਾ ਹੈ। ਉਹਨਾਂ ਦੀ ਸਿਹਤ ਬਾਰੇ ਗੱਲਾਂ ਕਰਨੀਆਂ ਚਾਹੀਦੀਆਂ ਹਨ।

**ਸਮਾਜਿਕ ਜਾਗਰੂਕਤਾ ਅਤੇ ਗਤੀਵਿਧੀਆਂ :-**

1. ਸਮਾਜ ਵਿੱਚ ਬਜ਼ੁਰਗਾਂ ਪ੍ਰਤੀ ਜਾਗਰੂਕਤਾ ਵਧਾਉਣ ਲਈ ਮੁਹਿੰਮਾਂ ਚਲਾਈਆਂ ਜਾਣੀਆਂ ਚਾਹੀਦੀਆਂ ਹਨ। ਲੋਕਾਂ ਵਿਚ ਉਹਨਾਂ ਨੂੰ ਇਕੱਲੇ ਨਾ ਛੱਡਣ ਦੀ ਪ੍ਰੇਰਣਾ ਦੇਣੀ ਚਾਹੀਦੀ ਹੈ।
2. ਲੋਕਾਂ ਨੂੰ ਬਜ਼ੁਰਗਾਂ ਦੇ ਅਧਿਕਾਰਾਂ ਅਤੇ ਜ਼ਰੂਰਤਾਂ ਬਾਰੇ ਸਿੱਖਿਅਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਕੋਈ ਵੀ ਬਜ਼ੁਰਗਾਂ ਨਾਲ ਅਨਿਆਂ ਨਾ ਕਰ ਸਕੇ।
3. ਸਮਾਜ ਵਿੱਚ ਬਜ਼ੁਰਗਾਂ ਪ੍ਰਤੀ ਸਤਿਕਾਰ ਅਤੇ ਹਮਦਰਦੀ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਲੋਕਾਂ ਨੂੰ ਸਮਝਣਾ ਚਾਹੀਦਾ ਹੈ ਕਿ ਉਹਨਾਂ ਦੀ ਇੱਜਤ ਵਿਚ ਹੀ ਸਾਡੀ ਇਜੱਤ ਹੈ।
4. ਬਜ਼ੁਰਗਾਂ ਨੂੰ ਭਾਈਚਾਰਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।
5. ਬਜ਼ੁਰਗਾਂ ਲਈ ਵਿਸ਼ੇਸ਼ ਪ੍ਰੋਗਰਾਮ ਅਤੇ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਣਾ ਚਾਹੀਦਾ ਹੈ। ਸਮਾਜ ਵਿੱਚ ਬਜ਼ੁਰਗਾਂ ਨੂੰ ਸਰਗਰਮੀ ਨਾਲ ਸ਼ਾਮਲ ਕਰਨ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ।

**ਸਰਕਾਰੀ ਸਹਾਇਤਾ :-**

1. ਸਰਕਾਰ ਨੂੰ ਬਜ਼ੁਰਗਾਂ ਲਈ ਮੈਡੀਕਲ ਸੇਵਾਵਾਂ ਪੂਰੀ ਤਰ੍ਹਾਂ ਫਰੀ ਕਰਨੀਆਂ ਚਾਹੀਦੀਆਂ ਹਨ।
2. ਬਜ਼ੁਰਗਾਂ ਨੂੰ ਪੈਨਸ਼ਨ ਅਤੇ ਹੋਰ ਲਾਭ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਉਹ ਪੈਸਿਆਂ ਲਈ ਪੂਰੀ ਤਰ੍ਹਾਂ ਦੂਜਿਆਂ ਤੇ ਨਿਰਭਰ ਨਾ ਰਹਿਣ।
3. ਬਜ਼ੁਰਗਾਂ ਲਈ ਬਣਾਏ ਗਏ ਕਾਨੂੰਨਾਂ ਨੂੰ ਸਮਾਜ ਵਿਚ ਸਖ਼ਤੀ ਨਾਲ ਲਾਗੂ ਕਰਾਉਂਣਾ ਚਾਹੀਦਾ ਹੈ।

**ਸਿੱਟਾ** :- ਆਓ ਆਪਾਂ ਸਾਰੇ ਬਜ਼ੁਰਗਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਇਕੱਠੇ ਕੰਮ ਕਰੀਏ ਅਤੇ ਉਨ੍ਹਾਂ ਨੂੰ ਸਤਿਕਾਰ ਅਤੇ ਸਹਾਇਤਾ ਦੇਈਏ। ਬਜ਼ੁਰਗ ਸਾਡੇ ਸਮਾਜ ਦੀ ਨੀਂਹ ਹਨ। ਸਾਨੂੰ ਇਹ ਯਕੀਨੀ ਬਣਾਉਣਾ ਪਵੇਗਾ ਕਿ ਬਜ਼ੁਰਗ ਸਾਡੇ ਸਮਾਜ ਦਾ ਇੱਕ ਮਹੱਤਵਪੂਰਨ ਹਿੱਸਾ ਬਣੇ ਰਹਿਣ ਅਤੇ ਉਨ੍ਹਾਂ ਦੀ ਆਵਾਜ਼ ਸੁਣੀ ਜਾਵੇ।ਸਾਨੂੰ ਬਜ਼ੁਰਗਾਂ ਪ੍ਰਤੀ ਸਤਿਕਾਰ ਅਤੇ ਹਮਦਰਦੀ ਨੂੰ ਉਤਸ਼ਾਹਿਤ ਕਰਨਾ ਪਵੇਗਾ, ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕੰਮ ਕਰਨਾ ਪਵੇਗਾ।

**-ਪਵਨ ਕੁਮਾਰ ਅੱਤਰੀ, ਕਪੂਰਥਲਾ (ਪੰਜਾਬ)**
**ਮੋਬਾਈਲ:-** 8427791277

# ਭਾਈ ਬਾਲਾ ਜੀ






ਸ਼ਮਸ਼ੇਰ ਸਿੰਘ ਜੇਠੂਵਾਲ

ਖਡੂਰ ਸਾਹਿਬ ਜੀ ਦੀ ਪਾਵਨ ਧਰਤੀ ਤੇ ਸੰਨ੍ਹ 1544 ਈ: ਨੂੰ ਜਦੋਂ ਭਾਈ ਬਾਲਾ ਜੀ ਬਿਰਧ ਹੋਏ ਤਾਂ ਦੂਸਰੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਬੇਨਤੀ ਕਰਦੇ ਹਨ,ਕਿ ਸਤਿਗੁਰੂ ਜੀ ਮੇਰੇ ਇਸ ਪੰਜ ਭੂਤਕ ਸਰੀਰ ਨੂੰ ਬੁਢਾਪੇ ਨੇ ਘੇਰ ਲਿਆ ਹੈ,ਉਮਰ ਬਹੁਤ ਵਡੇਰੀ ਹੈ ਮਹਾਰਾਜ ਕ੍ਰਿਪਾ ਕਰੋ ਇਸ ਸੰਸਾਰ ਸਾਗਰ ਤੋਂ ਪਾਰ ਉਤਾਰਾ ਹੋ ਜਾਵੇ।

ਤਾਂ ਸਤਿਗੁਰੂ ਜੀ ਨੇ ਬਚਨ ਕੀਤਾ ਭਾਈ ਬਾਲਾ ਜੀ ਦੋ ਮਹੀਨੇ ਆਰਜਾ ਹੈ ਤੁਹਾਡੇ ਕੋਲ੍ਹ ਉਸਤੋਂ ਬਾਅਦ ਤਾਂ ਇਸ ਤਨ ਨੇ ਭਸਮ ਦੀ ਢੇਰੀ ਹੋਣਾ ਹੀ ਹੈ। ਉਨ੍ਹਾਂ ਚਿਰ ਸਤਿਗੁਰੂ ਜੀ ਦਾ ਸ਼ੁਕਰਾਨਾ ਕਰਕੇ ਆਪਣਾ ਸਮਾਂ ਸਫਲਾ ਕਰੋ,ਜਦੋਂ ਭਾਈ ਬਾਲਾ ਜੀ ਨੇ ਸਰੀਰ ਛੱਡਿਆ ਤਾਂ ਸਤਿਗੁਰੂ ਗੁਰੂ ਅੰਗਦ ਦੇਵ ਪਾਤਸ਼ਾਹ ਜੀ ਨੇ ਹੱਥੀਂ ਸਸਕਾਰ ਕੀਤਾ ।

ਭਾਈ ਬਾਲਾ ਜੀ ਦੀ ਸਮਾਧ ਗੁਰਦੁਆਰਾ ਤਪਿਆਣਾ ਸਾਹਿਬ ਖਡੂਰ ਸਾਹਿਬ ਵਿਖੇ ਮੌਜੂਦ ਹੈ।

ਹੇਠਾਂ ਭਾਈ ਬਾਲਾ ਜੀ ਅਤੇ ਦੂਸਰੇ ਪਾਤਸ਼ਾਹ ਜੀ ਦੇ ਬਚਨ ਬਿਲਾਸ ਦੀ ਕਥਾ ਜੋ ਮਹਾਂਕਾਵੀ ਸੰਤੋਖ ਸਿੰਘ ਜੀ ਵਲੋਂ ਸ੍ਰੀ ਗੁਰੂ ਨਾਨਕ ਪ੍ਰਕਾਸ਼ ਗ੍ਰੰਥ ਵਿਚ ਦਰਜ ਕੀਤੀ ਹੈ ।

ਸ੍ਰੀ ਨਾਨਕ ਪ੍ਰਕਾਸ਼ ਗ੍ਰੰਥੇ ਉਤ੍ਰਾਰਧੇ ਬਾਲੇ ਕੋ ਪਰਲੋਕ ਗਮਨ ਬਰਨੰਨ ਨਾਮਛਿਤਾਲੀ ਸਮੇਂ *

ਇਸ ਆਗੇ ਸੁਧ ਮੋਹਿ ਨਾ ਕੋਊ। ਰਾਵਰ ਸਰਬ ਜਾਨ ਹੋ ਸੋਊ ॥
ਜਰਾ ਗ੍ਰਸੀ ਅਬ ਕਾਂਯਾਂ ਮੇਰੀ । ਲਖੋ ਆਰਥਲਾ ਭਈ ਬਡੇਰੀ॥
ਇਹ ਅਬ ਛੁਟੇ ਬਚਨਨਿਜ ਕਰੀਏ। ਜਗ ਸਾਗਰ ਤੇ ਮੋਹਿ ਉਧਰੀਏ॥ ਸ੍ਰੀ ਅੰਗਦ ਸੁਨਕ ਮੁਸਕਾਨੇ । ਕਿਉਂ ਅਸ ਆਪ ਉਤਾਇਲ ਠਾਨੇ ॥16
ਅਬ ਦੈ ਮਾਸ ਬੈਸ ਹੈ ਤੇਰੀ । ਪੁਨ ਸ਼ਰੀਰ ਹਵੈ ਭਸਮ ਸੁ ਢੇਰੀ॥
ਤਬ ਲਗ ਢੰਗ ਰਹੁਹਿਤ੍ਰ ਸਾਥਾ । ਪਰਹੁ ਸੁਨਹੁ ਕਰਹੁ ਗੁਰ ਗਾਬਾ॥6
ਸੁਨਕੇ ਹਰਖਤ ਹੇ ਕਰ ਬਾਲਾ।
ਰਹਯੋ ਸਮੀਪ ਸੁਖਦ ਤਿਹ ਕਾਲਾ ॥
ਕਹੇ ਸੁਨੇ ਗੁਰ ਕੇ ਲੁਨ ਔਰੀ।
ਦੋਇ ਮਾਸ ਜਬ ਬਿਤੇ ਬਹੋਰੀ ॥ ਪਰਾਲਬਧ ਭੋਗੀ ਨਿਜ ਜਬਹੀ।
ਆਯੋ ਸਮਾ ਤਨ ਬਿਨਸਤ ਤਬਹੀ॥
ਸ੍ਰੀ ਅੰਗਦ ਕੋ ਕਰਕੈ ਬੰਦਨ ।
ਬਹੁਰ ਧਿਆਨ ਧਰ ਦੇ ਨਿਕੰਦਨ ॥
ਧਰਨੀ ਕੇ ਪੁਨੀਤ ਕਰਵਾਏ ।'
ਪੋਯੋ ਸ੍ਰੀ ਨਾਨਕ ਉਰ ਧਿਯਾਏ ॥
ਤਨਕ ਬਿਖੇ ਨਿਜ ਤਨ ਕੋ ਤਿਆਗੀ। ਪਹੁੰਚਿਓ ਪਰਮ ਪਦੇ ਬਡਭਾਗੀ ॥7 ਸ੍ਰੀ ਅੰਗਦ, ਮਹਿ ਜੋਤ ਸਮਾਨੀ ।
ਤਿਹ ਜਿਓ ਪਾਨੀ ਮਹਿ ਮਿਲ ਹੈ ਪਾਨੀ ॥ ਛਿਨ ਸ੍ਰੀ ਤੇਹਣ ਕੁਲ ਰਾਈ। ਕਾਕੇ ਭਲੀ ਚਿੰਤਾ ਕਰਵਾਈ 1171
ਸਿਖਨ ਤੇ ਤਨ ਕੋ ਉਰਵਾਇ।
ਰਾਖਿਯੋ ਉਪਰ ਤਾਹਿ ਬਨਾਇ ॥
ਬਹੁਰੋ ਆਪ ਨਿਕੋਟ ਚਲ ਆਏ । ਤ੍ਰਿਣ ਅਗਨੀ ਕੋ ਹਾਥ ਉਚਾਏ ॥12 ਤਬ ਸਿਖ ਬਰਜ ਰਹੈ ਬਹੁ ਬਾਰੀ ।
ਨਿਜ ਕਰ ਸੰਗ ਦਾਹ ਦੇ ਜਾਰੀ ਸਤਗੁਰ ਕੇ ਸੇਵਕ ਪਿਆਰੇ। ॥ ਅਪਰ ਨ ਕਛ ਗਣਤੀ ਉਰਧਾਰੇ ॥73
ਬਹੁਰ ਸਰਬ ਸਿਖ ਮਾਰੀ । ਬਾਲੇ ਕੀ ਉਸਤਤ ਬੁਹੁ ਪਾਹੀ ॥
ਹੈ ਧੰਨ ਧੰਨ ਸਭ ਹੀ ਨਰ ਕਰਿਹੀ ।
ਸ੍ਰੀ ਨਾਨਕ ਹਿਤਕਾਰੀ ਅਹਿਹੀ ।।





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


## ਕੁਲਦੀਪ ਰਾਏ ਬਜਾਜ ਵਾਈਸ ਪ੍ਰਧਾਨ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਨੂੰ ਗਹਿਰਾ ਸਦਮਾ—ਨੂੰਹ ਤਨਿਕਾ ਗੁਪਤਾ 16 ਅਕਤੂਬਰ ਨੂੰ ਪ੍ਰਮਾਤਮਾ ਦੇ ਚਰਨਾਂ ਵਿਚ ਵਿਰਾਜੇ ਦਾ ਭੋਗ ਅਤੇ ਅੰਤਿਮ ਅਰਦਾਸ 29 ਅਕਤੂਬਰ ਨੂੰ



ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :— ਕੁਲਦੀਪ ਰਾਏ ਬਜਾਜ ਵਾਈਸ ਪ੍ਰਧਾਨ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਨੂੰ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਨੂੰਹ ਤਨਿਕਾ ਗੁਪਤਾ ਜੋ ਕਿ 16 ਅਕਤੂਬਰ ਨੂੰ ਅਚਾਨਕ ਪ੍ਰਮਾਤਮਾ ਦੇ ਚਰਨਾਂ ਵਿਚ ਜਾ ਬਿਰਾਜੇ ਹਨ। ਤਨਿਕਾ ਗੁਪਤਾ ਆਪਣੀ ਜਿੰਦਗੀ ਦੀਆਂ 34 ਕੁ ਬਹਾਰਾਂ ਵੇਖ ਕੇ ਇਸ ਫਾਨੀ ਸੰਸਾਰ ਨੂੰ ਸਦਾ—ਸਦਾ ਲਈ ਅਲਵਿਦਾ ਕਹਿ ਗਏ ਪਿਛੇ ਆਪਣੇ ਪਤੀ ਲਵਿਸ਼ ਬਜਾਜ ਐਡਵੋਕੇਟ, ਸਹੁਰਾ ਕੁਲਦੀਪ ਰਾਏ ਬਜਾਜ, ਸੱਸ ਸੰਗੀਤਾ ਕੁਮਾਰੀ, ਮਾਂ ਕਿਰਨ ਗੁਪਤਾ, ਪਿਤਾ ਹਰੀ ਔਮ ਗੁਪਤਾ, ਭਰਾ ਦਪੀਸ਼ ਗੁਪਤਾ ਨੂੰ ਰੋਂਦਾ ਕੁਰਲਾਉਂਦਾ ਪ੍ਰਮਾਤਮਾ ਆਸਰੇ ਛੱਡ ਗਏ। ਅਸੀਂ ਪ੍ਰਮਾਤਮਾ ਅੱਗੇ ਬੇਨਤੀ ਕਰਦੇ ਹਾਂ ਕਿ ਹੇ ਪ੍ਰਮਾਤਮਾ ਤਨਿਕ ਗੁਪਤਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ, ਪਿਛੇ ਪਰਿਵਾਰ, ਰਿਸ਼ਤੇਦਾਰ, ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਤਨਿਕ ਗੁਪਤਾ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 29 ਅਕਤੂਬਰ 2025 ਬੁੱਧਵਾਰ ਨੂੰ ਦੁਪਹਿਰ ਇਕ ਵਜੇ ਤੋਂ 2 ਵਜੇ ਤੱਕ ਪ੍ਰਮਾਰਥ ਭਵਨ ਨਜਦੀਕ ਸਮਸ਼ਾਨਘਾਟ ਫ਼ਿਰੋਜ਼ਪੁਰ ਸ਼ਹਿਰ ਵਿਚ ਪਾਇਆ ਜਾਵੇਗਾ। ਇਸ ਦੁੱਖ ਦੀ ਘੜੀ ਵਿਚ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਦੇ ਪੈਟਰਨ ਗਤਿੰਦਰ ਕਮਲ ਪ੍ਰਧਾਨ, ਅਸ਼ੋਕ ਸੇਤੀਆ, ਅਨਮੋਲ ਧਵਨ, ਮਨੋਜ਼ ਗੱਖੜ, ਵਿਸ਼ਾਲ ਧਵਨ ਨੇ ਕੁਲਦੀਪ ਰਾਏ ਬਜਾਜ ਨਾਲ ਗਹਿਰਾ ਦੁੱਖ ਪ੍ਰਗਟ ਕੀਤਾ। ਇਸ ਤੋਂ ਇਲਾਵਾ ਇੰਡੀਅਨ ਸੋਸ਼ਲ ਵੈਲਫੇਅਰ ਸੁਸਾਇਟੀ ਰਜਿ: ਫ਼ਿਰੋਜ਼ਪੁਰ ਦੇ ਅਹੁਦੇਦਾਰਾਂ ਨੇ ਦੁੱਖ ਪ੍ਰਗਟ ਕੀਤਾ, ਜਿਨ੍ਹਾਂ ਵਿਚ ਯਸ਼ਪਾਲ ਸ਼ਰਮਾ ਜਨਰਲ ਸਕੱਤਰ, ਪ੍ਰਮੋਦ ਕੁਮਾਰ ਵਾਇਸ ਪ੍ਰਧਾਨ, ਹਰਜੀਤ ਸਿੰਘ ਮੁੱਖ ਸਲਾਹਕਾਰ, ਭਾਗ ਸਿੰਘ ਸਰਪੰਚ ਤੋਂ ਇਲਾਵਾ ਜ਼ਿਲ੍ਹਾ ਕਚਹਿਰੀ ਬਾਰ ਐਸੋਸੀਏਸ਼ਨ ਦੇ ਵਕੀਲਾਂ ਅਤੇ ਪ੍ਰਧਾਨ ਅਤੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਗਹਿਰਾ ਦੁੱਖ ਪ੍ਰਗਟ ਕੀਤਾ।

## ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਦੇ ਸਰਬਜੀਤ ਸਿੰਘ ਜੱਬਲ ਬਣੇ ਪ੍ਰਧਾਨ—ਪ੍ਰਧਾਨ ਵੱਲੋਂ ਕਿਸੇ ਹੋਰ ਸੁਸਾਇਟੀ ਵਿਚ ਜਾਣ ਤੇ ਖਾਲੀ ਪਿਆ ਸੀ ਅਹੁਦਾ—ਆਗੂ



ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :— ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੁਸਾਇਟੀ ਰਜਿ 140 ਪੰਜਾਬ ਦੀ ਇਕ ਹੰਗਾਮੀ ਮੀਟਿੰਗ ਸਰਬਜੀਤ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ ਦੇ ਗ੍ਰਹਿ ਵਿਖੇ ਹੋਈ। ਇਸ ਮੌਕੇ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਅੰਗਰੇਜ਼ ਸਿੰਘ ਕਲਸੀ ਵਾਈਸ ਚੇਅਰਮੈਨ ਪੰਜਾਬ ਸੁਖਮੰਦਰ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ ਸਰਬਜੀਤ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ ਜਸਵਿੰਦਰ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ ਸੁਖਸੈਨ ਸਿੰਘ ਖਾਲਸਾ ਵਾਇਜ ਚੇਅਰਮੈਨ ਪੰਜਾਬ ਸ਼ਮਸ਼ੇਰ ਸਿੰਘ ਕਲਸੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਲਖਮੀਰ ਸਿੰਘ ਸੰਧੂ ਮੀਤ ਪ੍ਰਧਾਨ ਪੰਜਾਬ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 14 ਅਕਤੂਬਰ 25 ਨੂੰ ਮਨਜੀਤ ਸਿੰਘ ਔਲਖ ਦੇ ਘਰੇ ਸੁਸਾਇਟੀ ਦੇ ਮੈਂਬਰ ਸੁਰਜੀਤ ਸਿੰਘ ਸੱਗੂ ਮੀਤ ਪ੍ਰਧਾਨ ਪੰਜਾਬ ਸ਼ਮਸ਼ੇਰ ਸਿੰਘ ਕਲਸੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਅਤੇ ਸਰਬਜੀਤ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ ਉਸ ਨੂੰ ਸਮਝਾਉਣ ਵਾਸਤੇ ਉਹਦੇ ਘਰੇ ਗਏ ਕਿ ਤੂੰ ਸੁਸਾਇਟੀ ਨੂੰ ਛੱਡ ਕੇ ਕਿਸੇ ਹੋਰ ਜਥੇਬੰਦੀ ਵਿੱਚ ਜੁਆਇਨਿੰਗ ਨਾ ਕਰ ਤਕਰੀਬਨ 3 ਘੰਟੇ ਸਮਝਾਉਣ ਦੇ ਬਾਵਜੂਦ ਉਸ ਨੇ ਸੋਸਾਇਟੀ ਦੇ ਮੈਂਬਰਾਂ ਨੂੰ ਬਿਨਾਂ ਪੁੱਛੇ ਦੱਸੇ ਸੁਸਾਇਟੀ ਨੂੰ ਛੱਡ ਕੇ ਕਿਸੇ ਹੋਰ ਜਥੇਬੰਦੀ ਵਿੱਚ ਚਲਾ ਗਿਆ ਹੈ ਉਸ ਨੇ ਅਖਬਾਰਾਂ ਵਿੱਚ ਬਿਆਨ ਵੀ ਦਿੱਤੇ ਹਨ ਕੀ ਅੱਜ ਤੋਂ 4 ਸਾਲ ਪਹਿਲਾਂ ਫੈਡਰੇਸ਼ਨ ਛੱਡ ਕੇ ਕਿਸੇ ਹੋਰ ਜਥੇਬੰਦੀ ਵਿੱਚ ਚਲਾ ਗਿਆ ਸੀ ਜਿੱਥੇ ਉਸ ਦੀ ਸੰਤੁਸ਼ਟੀ ਨਾ ਹੋ ਸਕੀ ਅਤੇ ਉਸ ਨੇ ਦੁਬਾਰਾ ਇਸ ਜਥੇਬੰਦੀ ਵਿੱਚ ਸੇਵਾ ਕਰਨ ਦੀ ਇੱਛਾ ਪ੍ਰਗਟਾਈ। ਆਗੂਆਂ ਨੇ ਕਿਹਾ ਕਿ ਇੱਥੇ ਦੱਸਣਯੋਗ ਬਨਦਾ ਹੈ ਕੀ ਮਨਜੀਤ ਸਿੰਘ ਔਲਖ ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140 ਦਾ ਪੰਜਾਬ ਪ੍ਰਧਾਨ ਹੁੰਦਾ ਸੀ ਜੋ ਸੋਸਾਇਟੀ ਨੂੰ ਛੱਡ ਕੇ ਫੈਡਰੇਸ਼ਨ ਵਿੱਚ ਜੁਆਇਨਿੰਗ ਕਰ ਚੁੱਕਾ ਹੈ ਹੁਣ ਪੰਜਾਬ ਪ੍ਰਧਾਨ ਦੀ ਸੀਟ ਵੇਹਲੀ ਹੋ ਚੁੱਕੀ ਹੈ ਐਜੈਕਟਿਵ ਮੈਂਬਰਾਂ ਦੇ ਸਲਾਹ ਮਸ਼ਵਰੇ ਤੋਂ ਬਾਅਦ ਇਹ ਫੈਸਲਾ ਲਿਆ ਗਿਆ ਕੀ ਸਰਬਜੀਤ ਸਿੰਘ ਜੱਬਲ ਨੂੰ ਸੋਸਾਇਟੀ ਦਾ ਪੰਜਾਬ ਪ੍ਰਧਾਨ ਨਿਯੁਕਤ ਕੀਤਾ ਜਾਂਦਾ ਹੈ। ਦੱਸਣਯੋਗ ਗੱਲ ਹੈ ਕਿ ਅੱਜ ਤੋਂ ਬਾਅਦ ਨਵ ਨਿਯੁਕਤ ਪੰਜਾਬ ਪ੍ਰਧਾਨ ਨਾਲ ਹੀ ਰਾਪਤਾ ਕੀਤਾ ਜਾਵੇ।

## ਜੇਕਰ ਮੁਲਜ਼ਮ ਕਾਬੂ ਨਾ ਕੀਤੇ ਤਾਂ ਜਥੇਬੰਦੀਆਂ ਕਰਨਗੀਆਂ ਸੰਘਰਸ਼—ਮਹਾਲਮ



ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :— ਪਿਛਲੇ ਦਿਨੀ ਫਿਰੋਜ਼ਪੁਰ ਸ਼ਹਿਰ ਦੇ ਦੁਲਚੀ ਕੇ ਰੋਡ ਵਿਖੇ ਇੱਕ ਅੰਮ੍ਰਿਤਧਰੀ ਬੀਬੀ ਮਨਜੀਤ ਕੌਰ ਦੇ ਕਕਾਰਾਂ ਦੀ ਬੇਅਦਬੀ ਕੀਤੀ ਗਈ ਜਿਸ ਵਿੱਚ ਉਸ ਦੀ ਸ੍ਰੀ ਸਾਹਿਬ ਨੂੰ ਤੋੜਿਆ ਗਿਆ ਅਤੇ ਉਸਦੀ ਦਸਤਾਰ ਵੀ ਲਾਈ ਗਈ ਅਤੇ ਇਸ ਬੀਬੀ ਦੇ ਪਿਤਾ ਗੁਰਮੇਲ ਸਿੰਘ ਨੂੰ ਵੀ ਗੰਭੀਰ ਰੂਪ ਵਿੱਚ ਜਖਮੀ ਕੀਤਾ ਗਿਆ ਜਿਸ ਤੇ ਸਿੱਖ ਜਥੇਬੰਦੀਆਂ ਜਿਸ ਵਿੱਚ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਸਰਪਰਸਤ ਭਾਈ ਲਖਬੀਰ ਸਿੰਘ ਮਹਾਲਮ, ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ, ਬਲਕਾਰ ਸਿੰਘ, ਸੇਵਾ ਸਿੰਘ, ਜਗਤਾਰ ਸਿੰਘ ਮਹਾਲਮ ਸਰਪੰਚ, ਸੁਖਦੇਵ ਸਿੰਘ ਮਹਾਲਮ, ਅਮਰਜੀਤ ਸਿੰਘ, ਤਾਰਾ ਸਿੰਘ ਸਾਬਕਾ ਮੈਂਬਰ ਇਸ ਪੀੜਤ ਪਰਿਵਾਰ ਨੂੰ ਮਿਲੇ ਜਿਸ ਤੇ ਬੋਲਦੇ ਭਾਈ ਲਖਵੀਰ ਸਿੰਘ ਮਹਾਲਮ ਨੇ ਕਿਹਾ ਕਿ ਜੋ ਬੀਬੀ ਮਨਜੀਤ ਕੌਰ ਦੇ ਕਕਾਰਾਂ ਦੀ ਬੇਅਦਬੀ ਕੀਤੀ ਹੈ ਅਤੇ ਇੱਕ ਔਰਤ ਦੀ ਬੇਇਜ਼ਤੀ ਕੀਤੀ ਹੈ ਜੋ ਕਿ ਬਰਦਾਸ਼ਤ ਤੋਂ ਬਾਹਰ ਹੈ ਇਸ ਘਟਨਾ ਨੂੰ ਅੰਜਾਮ ਦੇਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਪਰਚਾ ਹੋਣ ਦੇ ਬਾਵਜੂਦ ਪੁਲਿਸ ਨੇ ਗ੍ਰਿਫਤਾਰ ਨਹੀਂ ਕੀਤਾ। ਭਾਈ ਲਖਬੀਰ ਸਿੰਘ ਮਹਾਲਮ ਨੇ ਅੱਗੇ ਬੋਲਦੇ ਹੋਏ ਕਿਹਾ ਕੀ ਦੋਸ਼ੀਆਂ ਨੂੰ ਦੋ ਦਿਨ ਦੇ ਅੰਦਰ ਗ੍ਰਿਫਤਾਰ ਨਾ ਕੀਤਾ ਤਾਂ ਉਹ ਸਾਰੀਆਂ ਸਿੱਖ ਜਥੇਬੰਦੀਆਂ ਦਾ ਇਕੱਠ ਕਰਕੇ ਇੱਕ ਵੱਡੇ ਸੰਘਰਸ਼ ਦਾ ਐਲਾਨ ਕਰਨਗੇ, ਜਿਸ ਦੀ ਜਿੰਮੇਵਾਰੀ ਇਨ੍ਹਾਂ ਸ਼ਰਾਰਤੀ ਅਨਸਰਾਂ, ਸਿਵਿਲ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ।

### ਅੱਡਾ ਨਾਥ ਦੀ ਖੂਹੀ ਤੋਂ ਚੰਨਣਕੇ ਨੂੰ ਜਾਂਦੀ ਸੜਕ ਦਾ ਬੁਰਾ ਹਾਲ

# 20 ਦਿਨ ਤੋਂ ਵੱਧ, ਸੁੱਟੇ ਗਟਕੇ ਨੇ ਰਾਹਗੀਰਾਂ ਦਾ ਲੰਘਣਾ ਕੀਤਾ ਮਹਾਲ





**ਚੌਂਕ ਮਹਿਤਾ, 26 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਰਕਾਰ ਵੱਲੋਂ ਜਿੱਥੇ ਪੰਜਾਬ ਵਿੱਚ ਸੜਕਾਂ ਦਾ ਜਾਲ ਵਿਛਾਉਣ ਦੇ ਰਿਪੇਅਰ ਕਰਨ ਦੇ ਕੀਤੇ ਜਾ ਰਹੇ ਦਾਅਵਿਆਂ ਦੀ ਫੂਕ ਉਸ ਵੇਲੇ ਨਿਕਲਦੀ ਵੇਖੀ ਗਈ ਜਦੋਂ ਅੱਡਾ ਨਾਥ ਦੀ ਖੂਹੀ ਤੋਂ ਚੰਨਣਕੇ, ਅਰਜਨ ਮਾਂਗਾ, ਭੋਏਵਾਲ ਅਤੇ ਹੋਰ ਵੱਖ ਵੱਖ ਪਿੰਡਾਂ ਨੂੰ ਜੋੜਦੀਆਂ ਸੜਕਾ ਤੇ ਪਏ ਡੂੰਘੇ ਖੱਡੇ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ ਜਿਸ ਸਬੰਧੀ ਆਮ ਆਦਮੀ ਪਾਰਟੀ ਨੇ ਪਿਛਲੇ ਚਾਰ ਸਾਲਾਂ ਵਿੱਚ ਕੋਈ ਧਿਆਨ ਨਹੀਂ ਦਿੱਤਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਰਵਿੰਦਰ ਸਿੰਘ ਗਿੱਲ ਅੱਡਾ ਨਾਥ ਖੂਹੀ (ਚੰਨਣਕੇ) ਨੇ ਪੱਤਰਕਾਰਾਂ ਨਾਲ ਸਾਂਝਾ ਕੀਤਾ। ਉਹਨਾਂ ਆਖਿਆ ਕਿ ਇੱਕ ਪਾਸੇ ਨੈਸ਼ਨਲ ਹਾਈਵੇ ਵੱਲੋ ਅੱਡੇ ਤੇ ਬਣ ਰਹੇ ਪੁਲ ਅਤੇ ਸੜਕ ਬਣਾਉਣ ਦੇ ਨਿਰਮਾਣ ਨੂੰ ਕੱਛੂ ਚਾਲ ਨਾਲ ਚਲਾਇਆ ਜਾ ਰਿਹਾ ਹੈ, ਜਿਸ ਨਾਲ ਰਾਹਗੀਰਾਂ ਤੇ ਦੁਕਾਨਦਾਰਾਂ ਨੂੰ ਭਾਰੀ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਦੂਜੇ ਪਾਸੇ ਨਾਥ ਦੀ ਖੂਹੀ ਤੋਂ ਚੰਨਣਕੇ ਅਤੇ ਵੱਖ ਵੱਖ ਪਿੰਡਾਂ ਨੂੰ ਜਾਂਦੀ ਸੜਕ ਤੇ ਕਾਫੀ ਵੱਡੇ ਟੋਏ ਪਏ ਹਨ। ਰਾਹਗੀਰਾਂ ਨੂੰ ਤੇ ਸਕੂਲ ਦੇ ਵਿਦਿਆਰਥੀਆਂ ਨੂੰ ਭਾਰੀ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੱਡਾ ਨਾਥ ਦੀ ਖੂਹੀ ਤੋਂ ਚੰਨਣਕੇ ਰੋਡ ਦੇ ਉੱਤੇ ਕੋਈ ਅੱਧੇ ਕਿਲੋਮੀਟਰ ਤੋ ਵੀ ਘੱਟ ਤੇ ਗਟਕਾ ਪਾਇਆ ਗਿਆ ਹੈ ਤੇ ਉਸ ਨੂੰ ਵੀ ਅੱਧ ਅਧੂਰਾ ਛੱਡਦੇ ਹੋਏ ਉਸ ਉੱਪਰ ਮਿੱਟੀ ਅਤੇ ਰੋਡ ਰੋਲਰ ਨਾ ਫੇਰਨ ਕਾਰਨ ਪੱਥਰਾਂ ਦੇ ਉੱਤੋਂ ਦੀ ਵਹੀਕਲ ਲਿਜਾਣੇ ਬਹੁਤ ਮੁਸ਼ਿਕਲ ਹੋਏ ਹਨ ਲੋਕਾਂ ਦਾ ਕਹਿਣਾ ਹੈ ਕਿ ਜੇ ਹੁਣ ਇਸ ਨੂੰ ਇਨੀ ਧੀਮੀ ਰਫਤਾਰ ਨਾਲ ਕੀਤਾ ਜਾ ਰਿਹਾ ਹੈ ਤਾਂ ਪ੍ਰੀ ਮਿਕਸ ਪਾਉਣ ਦੇ ਉੱਤੇ ਕਿੰਨਾ ਟਾਈਮ ਲੱਗੇਗਾ ? ਟਰੈਕਟਰ ਟਰਾਲੀਆਂ ਦੇ ਟਾਇਰਾਂ ਥੱਲੋਂ ਨਿਕਲੇ ਵੱਟੇ ਰਾਹਗੀਰਾਂ ਦੇ ਵੱਜਦੇ ਹਨ ਕਿਸੇ ਵੇਲੇ ਵੀ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ ਇਲਾਕਾ ਨਿਵਾਸੀਆਂ ਨੇ ਮੰਗ ਕਰਦੇ ਹੋਏ ਕਿਹਾ ਕਿ ਸੜਕਾਂ ਦਾ ਜਲਦ ਤੋ ਜਲਦ ਨਿਰਮਾਣ ਕੀਤਾ ਜਾਵੇ। ਇਸ ਮੌਕੇ ਉਹਨਾਂ ਨਾਲ ਸਾਬਕਾ ਮੈਂਬਰ ਪੰਚਾਇਤ ਜਸਵੰਤ ਸਿੰਘ ਗਿੱਲ,ਸੰਤੋਖ ਸਿੰਘ ਜੋਨੀ, ਕਾਲਾ ਸਿੰਘ ਬੀਡੂ , ਦਿਲਬਾਗ ਸਿੰਘ ਬੱਗੋ, ਹਰਜਿੰਦਰ ਸਿੰਘ ਗਿੱਲ, ਹਰਵਿੰਦਰ ਸਿੰਘ ਗਿੱਲ, ਬਿੱਲੂ ਸਿੰਘ ਚੰਨਣਕੇ ਅਤੇ ਸਨਮਦੀਪ ਸਿੰਘ ਰੰਧਾਵਾ ਆਦ ਹਾਜਰ ਸਨ।

### ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਹਲਕੇ ਦਾ ਦੌਰਾ, ਜਨਤਕ ਤੇ ਨਿੱਜੀ ਪ੍ਰੋਗਰਾਮਾਂ 'ਚ ਭਰੀ ਹਾਜ਼ਰੀ

# ਕਿਹਾ 'ਆਪ' ਸਰਕਾਰ ਜ਼ੁਮਲੇਬਾਜ਼ੀ ਛੱਡ ਹੁਣ ਸੂਬੇ ਦੇ ਹਾਲਾਤ ਸੁਧਾਰਨ ਵੱਲ ਦੇਵੇ ਧਿਆਨ

**ਤਲਵੰਡੀ ਸਾਬੋ, 26 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਹਲਕਾ ਤਲਵੰਡੀ ਸਾਬੋ 'ਚ ਪਿਛਲੇ ਕਾਫੀ ਸਮੇਂ ਤੋਂ ਰਾਜਸੀ ਤੌਰ 'ਤੇ ਸਰਗਰਮ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਜਿੱਥੇ ਹਲਕੇ ਦੇ ਕਰੀਬ ਅੱਧੀ ਦਰਜ਼ਨ ਪਿੰਡਾਂ ਦਾ ਦੌਰਾ ਕਰਦਿਆਂ ਜਨਤਕ ਅਤੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰੀ ਉੱਥੇ ਗੱਲਬਾਤ ਦੌਰਾਨ ਉਨਾਂ ਨੇ ਸੂਬੇ ਦੀ 'ਆਪ' ਸਰਕਾਰ ਤੇ ਰੱਜ ਕੇ ਹੱਲੇ ਬੋਲੇ ਹਲਕੇ ਦੇ ਪਿੰਡਾਂ ਜਗਾ ਰਾਮ ਤੀਰਥ, ਲਹਿਰੀ, ਜੰਬਰ ਬਸਤੀ ਅਤੇ ਲੇਲੇਵਾਲਾ ਆਦਿ 'ਚ ਕਈ ਪ੍ਰੋਗਰਾਮਾਂ 'ਚ ਹਾਜ਼ਰੀ ਭਰਨ ਉਪਰੰਤ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਦੇ ਦਾਅਵਿਆਂ ਸਦਕਾ ਲੋਕਾਂ ਦੇ ਭਾਰੀ ਜਨ ਸਮੱਰਥਨ ਨਾਲ ਸੱਤਾ ਦੇ ਕਾਬਿਜ਼ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਰੀਬ ਪੌਣੇ ਚਾਰ ਸਾਲ ਲੋਕਾਂ ਨੂੰ ਚੁਟਕੁਲੇ ਸੁਣਾ ਕੇ ਸਮਾਂ ਲੰਘਾ ਦਿੱਤਾ ਪਰ ਹੁਣ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਦੀ ਹਾਲਤ ਸੁਧਾਰਨ ਵੱਲ ਧਿਆਨ ਦੇਵੇ। ਉਨਾਂ ਕਿਹਾ ਕਿ ਪਿਛਲੇ ਪੌਣੇ ਚਾਰ ਸਾਲ 'ਚ ਪੰਜਾਬ ਦੇ ਹਾਲਾਤ ਅਤਿ ਨਾਜ਼ੁਕ ਬਣ ਗਏ ਹਨ। ਅਮਨ ਕਾਨੂੰਨ ਦੀ ਹਾਲਤ ਇਹ ਬਣ ਚੁੱਕੀ ਹੈ ਕਿ ਗੋਲੀਬਾਰੀ ਦੀਆਂ ਘਟਨਾਵਾਂ ਨਿੱਤ ਕਿਰਿਆ ਦਾ ਹਿੱਸਾ ਬਣ ਗਈਆਂ ਅਤੇ ਹੁਣ ਤਾਂ ਸਮਾਜ ਵਿਰੋਧੀ ਅਨਸਰ ਪੈਟਰੋਲ ਬੰਬਾਂ ਦਾ ਇਸਤੇਮਾਲ ਕਰਨ ਲੱਗ ਪਏ ਜਿਸਤੋਂ ਜਾਪਦਾ ਹੈ ਜਿਵੇਂ ਪੰਜਾਬ ਜੰਗਲਰਾਜ ਵੱਲ ਵਧ ਰਿਹਾ ਹੋਵੇ। ਸਿੱਧੂ ਨੇ ਅੱਗੇ ਕਿਹਾ ਕਿ ਨਸ਼ੇ ਦੀ ਪੂਰਤੀ ਲਈ ਮਾਪਿਆਂ ਵੱਲੋਂ ਆਪਣੇ ਬੱਚੇ ਨੂੰ ਵੇਚਣ ਦੀ ਸਾਹਮਣੇ ਆਈ ਘਟਨਾ ਨੇ 'ਆਪ' ਸਰਕਾਰ ਦੀ 'ਯੁੱਧ ਨਸ਼ੇ ਵਿਰੁੱਧ' ਮੁਹਿੰਮ ਨੂੰ ਕਟਿਹਰੇ 'ਚ ਲਿਆ ਖੜਾ ਕੀਤਾ ਹੈ। ਉਨਾਂ ਕਿਹਾ ਕਿ ਜ਼ੁਮਲੇਬਾਜ਼ੀ ਛੱਡਕੇ ਸਰਕਾਰ ਹੁਣ ਸੂਬੇ ਦੇ ਸੁਧਾਰ ਲਈ ਕੁਝ ਕਰਕੇ ਦਿਖਾਵੇ। ਸਿੱਧੂ ਨੇ ਇਸ ਮੌਕੇ ਪਿੰਡ ਲਹਿਰੀ ਦੇ ਡੇਰਾ ਬਾਬਾ ਪੂਰਨ ਦਾਸ ਵਿਖੇ ਰਖਵਾਏ ਧਾਰਮਿਕ ਸਮਾਗਮਾਂ 'ਚ ਹਾਜ਼ਰੀ ਭਰੀ ਅਤੇ ਇਸ ਮੌਕੇ ਲਗਵਾਏ ਖੂਨਦਾਨ ਕੈਂਪ 'ਚ ਸ਼ਮੂਲੀਅਤ ਕਰਦਿਆਂ ਲੋਕ ਭਾਵਨਾ ਤਹਿਤ ਕੀਤੇ ਜਾਣ ਵਾਲੇ ਅਜਿਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਉਨਾਂ ਨਾਲ ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਬਹਾਦਰ ਸਿੰਘ ਸਾਬਕਾ ਸਰਪੰਚ ਲੇਲੇਵਾਲਾ, ਬਲਵੰਤ ਸਿੰਘ ਲੇਲੇਵਾਲਾ, ਸੁਰਜੀਤ ਸ਼ਰਮਾਂ ਜਗਾ ਰਾਮ ਤੀਰਥ, ਸੁੱਖੀ ਮੈਨੂੰਆਣਾ, ਟਹਿਲ ਸਿੰਘ ਲਹਿਰੀ, ਅੰਗਰੇਜ਼ ਗਾਂਧੀ, ਗੁਰਾਂਦਿੱਤਾ ਸਿੰਘ ਸੀਂਗੋ, ਹੈਪੀ ਬਹਿਮਣ ਆਦਿ ਮੌਜੂਦ ਸਨ।



# ਪੈਨਸ਼ਨਰਾਂ ਦੀ ਹੋਈ ਮੀਟਿੰਗ

**ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :—** ਰਿਟਾਇਰਡ ਟੀਚਰਜ਼ ਅਤੇ ਹੋਰ ਪੈਨਸ਼ਨਰ ਐਸੋਸੀਏਸ਼ਨ ਫ਼ਿਰੋਜ਼ਪੁਰ ਦੀ ਮਾਸਿਕ ਮੀਟਿੰਗ ਵਿਚ ਵੱਡੀ ਗਿਣਤੀ ਸਾਥੀਆਂ ਨੇ ਸ਼ਿਰਕਤ ਕੀਤੀ, ਜਿਸ ਵਿਚ ਜਥੇਬੰਦੀ ਦੀਆਂ ਸਰਗਰਮੀਆਂ ਬਾਰੇ ਵਿਚਾਰ ਚਰਚਾ ਕੀਤੀ ਗਈ। ਦੇਸ਼ ਵਿਚ ਅਤੇ ਸਟੇਟ ਵਿਚ ਸਾਂਝੇ ਮੋਰਚੇ ਵੱਲੋਂ ਪੈਨਸ਼ਨ ਚੋਰ ਗੱਦੀ ਛੋੜ, ਡੀ.ਏ ਚੋਰ ਝੂਠੇ ਲੀਡਰਾਂ ਦੇ ਨਾਅਰਿਆਂ ਪ੍ਰਤੀ ਸਰਗਰਮੀ ਰਹੀ, ਜਿਥੇ ਦੇਸ਼ ਵਿਚ ਵੱਡੇ—ਵੱਡੇ ਇਕੱਠ ਕਰਕੇ ਪੈਨਸ਼ਨਰਾਂ ਨੇ ਪੁਰਾਣੀ ਪੈਨਸ਼ਨ ਬਹਾਲ ਕਰੋ, ਪੁਰਾਣੀ ਪੈਨਸ਼ਨ ਸਾਡਾ ਸਵਾਭਿਆਨ ਹੈ ਦੇ ਨਾਅਰੇ ਆਮ ਲੋਕਾਂ ਦੀ ਜਬਾਨ ਤੇ ਹਨ। ਪਿਛਲੀਆਂ ਸਰਕਾਰਾਂ ਵੱਲੋਂ ਖੋਹੇ ਭੱਤਿਆਂ ਨੂੰ ਬਹਾਲ ਕਰੋ, ਕਈ ਇਕ ਅਦਾਲਤੀ ਫੈਸਲੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿਚ ਆਏ ਹਨ, ਪਰ ਸਰਕਾਰਾਂ ਇਸ ਨੂੰ ਲਾਗੂ ਕਰਨ ਵਿਚ ਨਾਕਾਮ ਰਹੀਆਂ ਹਨ, ਅਜੋਕੇ ਸਮੇਂ ਵਿਚ ਆਉਣ ਵਾਲੀਆਂ ਚੋਣਾਂ ਵਿਚ ਸਰਕਾਰਾਂ ਤੇ ਦਬਾਅ ਬਣਾ ਕੇ ਹੀ ਕੁਝ ਮਿਲ ਸਕਦਾ ਹੈ, ਜਿਵੇਂ ਕਿ ਬਾਕੀ ਕਈ ਸਟੇਟਾਂ ਨੇ ਡੀ.ਏ ਦੀਆਂ ਹੀ ਕਿਸ਼ਤਾਂ ਦਿੱਤੀਆਂ ਹਨ ਅਤੇ ਬਕਾਏ ਬਾਰੇ ਵੀ ਕਿਹਾ ਹੈ, ਪਰ ਸਾਡੀ ਪੰਜਾਬ ਸਰਕਾਰ ਇਸ ਤੋਂ ਲਗਾਤਾਰ ਚੁੱਪੀ ਸਾਧੀ ਬੈਠੀ ਹੈ। ਜਥੇਬੰਦੀ ਦੇ ਪ੍ਰਧਾਨ ਨਛੱਤਰ ਸਿੰਘ ਨੇ ਇਸ ਬਾਰੇ ਖੁੱਲ ਦੇ ਵਿਚਾਰ ਰੱਖੇ, ਸਾਥੀ ਦਵਾਨ ਚੰਦ ਸੁਖੀਜਾ ਨੇ ਸਰਕਾਰਾਂ ਦੀਆਂ ਕਾਰਗੁਜਾਰੀ ਤੇ ਪੈਨਸ਼ਨਰਾਂ ਦੀ ਚੜਦੀ ਕਲਾਂ ਦੀ ਅਰਦਾਸ ਕੀਤੀ। ਸਾਥੀ ਨੱਥੂ ਰਾਮ ਨੇ ਆਪਣੇ ਕਵਿਤਾ ਰਾਹੀਂ ਅਗਾਂਹਵਧੂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਅੰਤ ਵਿਚ ਇਸ ਜਥੇਬੰਦੀ ਦੇ ਪੈਟਰਨ ਕੇ.ਕੇ ਜੈਦਕਾ ਨੇ ਪਿਛਲੀਆਂ ਸਰਕਾਰਾਂ ਤੇ ਹੁਣ ਦੀਆਂ ਸਰਕਾਰਾਂ ਦੇ ਕੰਮਕਾਜ ਤੇ ਤਰੀਕੇ ਤੇ ਚੋਟ ਕੀਤੀ। ਇਸ ਮੀਟਿੰਗ ਦੀ ਪੁਰਾਣੀ ਪਰੰਪਰਾ ਮੁਤਾਬਿਕ ਜਨਮਦਿਨ ਤੇ ਕੁਝ ਸਾਥੀ ਰਾਜਪਾਲ ਸਿੰਘ, ਸਤਿਆ ਪਾਲ, ਸਾਥੀ ਜਗਤਾਰ ਸਿੰਘ ਨੂੰ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੀਟਿੰਗ ਵਿਚ ਸਾਥੀ ਜੱਗਾ ਸਿੰਘ, ਬਚਿੱਤਰ ਸਿੰਘ, ਬ੍ਰਿਜ ਭੂਸ਼ਣ ਤੇ ਵੱਡੀ ਗਿਣਤੀ ਵਿਚ ਭੈਣਾਂ ਵੀ ਸ਼ਾਮਲ ਹੋਈਆਂ।

# ਕੂੜਾ ਸੁੱਟੇ ਜਾਣ ਦੇ ਵਿਰੋਧ ਵਿੱਚ ਜਾਗਦਾ ਜਮੀਰ ਅਤੇ ਇਲਾਕਾ ਵਾਸੀਆ ਨੇ ਨਗਰ ਨਿਗਮ ਪ੍ਰਸਾਸਨ ਦਾ ਸਾੜਿਆ ਪੁਤਲਾ

**ਅੰਮ੍ਰਿਤਸਰ 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਝਬਾਲ ਰੋਡ ਇੰਦਰਾਂ ਕਾਲੋਨੀ ਸਥਿਤ ਡੰਪ ਤੇ ਨਗਰ ਨਿਗਮ ਵੱਲੋਂ ਸਾਰੇ ਸ਼ਹਿਰ ਦਾ ਕੂੜਾ ਸੁੱਟੇ ਜਾਣ ਦੇ ਵਿਰੋਧ ਵਿੱਚ ਇਲਾਕਾਵਾਸੀਆ ਦੇ ਸਹਿਯੋਗ ਨਾਲ ਜਾਗਦਾ ਜਮੀਰ ਸੰਸਥਾਂ ਪ੍ਰਧਾਨ ਸੁਭਾਸ ਸਹਿਗਲ ਨੇ ਨਗਰ ਨਿਗਮ ਦੇ ਕਮਿਸ਼ਨਰ ਵਿਕਰਮ ਸਿੰਘ ਅਤੇ ਸਿਹਤ ਵਿਭਾਗ ਦੇ ਡਾਕਟਰ ਕਿਰਨ ਰਾਉ ਦਾ ਪੁਤਲਾ ਸਾੜਿਆ ਗਿਆ, ਮੌਕੇ ਤੇ ਮਿਲੀ ਜਾਣਕਾਰੀ ਅਨੁਸਾਰ ਇਥੇਂ ਕੂੜਾ ਸੁੱਟਣ ਦਾ ਕਾਰਨ ਇਹ ਹੈ ਕਿ ਹਲਕਾ ਦੱਖਣੀ ਦੇ ਭਗਤਾਂ ਵਾਲਾ ਦਾਣਾ ਮੰਡੀ ਦੇ ਡੰਪ ਤੇ ਜਿਹੜਾ ਕੂੜਾ ਸੁਟਿਆ ਜਾਂਦਾ ਸੀ ਉਹ ਨਗਰ ਨਿਗਮ ਵੱਲੋਂ ਪਿਛਲੇ ਡੇਢ ਸਾਲ ਤੋਂ ਬੰਦ ਕਰ ਦਿੱਤਾ ਹੈ ਨਗਰ ਨਿਗਮ ਨੇ ਇਹ ਕੂੜਾ ਝਬਾਲ ਰੋਡ ਦੇ ਡੰਪ ਤੇ ਸੁੱਟਿਆ ਜਾ ਰਿਹਾ ਹੈ ਜਿਸ ਦਾ ਵਿਰੋਧ ਸਾਹਮਣੇ ਲੱਗਦੀ ਕਾਲੋਨੀ ਅਤੇ ਵਾਹਿਗੁਰੂ ਸਿਟੀ, ਸਿਵਾ ਕਾਲੋਨੀ, ਆਨੰਦ ਵਿਹਾਰ, ਡਰੀਮ ਸਿਟੀ, ਅਤੇ ਹੋਰ ਕਾਲੋਨੀਆਂ ਦੇ ਵਸਨੀਕਾਂ ਜੰਮ ਕਿ ਵਿਰੋਧ ਕੀਤਾ ਹੈ ਡਾਕਟਰ ਕਿਰਨ ਰਾਉ ਵੱਲੋਂ ਵਿਸਵਾਸ਼ ਦਿੱਤਾ ਸੀ ਇਥੇ ਕੂੜਾ ਨਹੀਂ ਸੁੱਟਿਆ ਜਾਵੇਗਾ ਉਸ ਤੇ ਖਰਾ ਨਹੀਂ ਉਤਰੇ, ਨਗਰ ਨਿਗਮ ਪ੍ਰਸਾਸਨ ਵੱਲੋਂ ਝਬਾਲ ਰੋਡ ਡੰਪ ਤੇ ਕੂੜਾ ਸੁੱਟਿਆ ਜਾ ਰਿਹਾ ਹੈ, ਇਸ ਡੰਪ ਨੂੰ ਬੰਦ ਕਰਵਾਉਣ ਦੀ ਹਾਲੇ ਤੱਕ ਕੋਈ ਕਾਰਵਾਈ ਨਹੀਂ ਹੋਈ ਲੋਕ ਪ੍ਰੈਸਾਨੀ ਝੇਲ ਰਹੇ ਹਨ, ਪ੍ਰਸਾਸਨ ਨੂੰ ਬਾਰ ਬਾਰ ਅਪੀਲ ਕਰਨ ਤੇ ਇਹ ਡੰਪ ਬੰਦ ਕਰਵਾਇਆ ਜਾ ਰਿਹਾ ਇਕ ਕੰਨ ਵਿੱਚ ਆਵਾਜ ਪਾਉਂਦੇ ਹਨ ਦੂਸਰੇ ਕੰਨ ਵਿੱਚੋਂ ਕੱਢ ਕਿ ਬਾਹਰ ਮਾਰਦੇ ਹਨ ਜਦੋਂ ਇਸ ਬਾਬਤ ਜਾਗਦਾ ਜਮੀਰ ਦੇ ਪ੍ਰਧਾਨ ਨੇ ਹਲਕਾ ਵਿਧਾਇਕ ਡਾਕਟਰ ਅਜੈ ਗੁਪਤਾ ਨਾਲ ਗੱਲ ਕੀਤੀ ਤਾਂ ਉਨਾਂ ਸੋਮਵਾਰ ਨੂੰ ਦੋ ਵਜੇ ਬਾਅਦ ਦੁਪਹਿਰ ਦਾ ਟਾਇਮ ਦਿੱਤਾ ਹੈ ਪੀੜਿਤ ਲੋਕਾਂ ਨੂੰ ਹੁਣ ਦੇਖਣਾ ਹੋਵੇਗਾ ਕਿ ਮੌਕੇ ਤੇ ਵਿਧਾਇਕ ਡਾ ਗੁਪਤਾ ਇਸ ਡੰਪ ਤੇ ਕੂੜਾ ਬੰਦ ਕਰਵਾਉਦੇਂ ਹਨ ਕਿ ਟਾਲ ਮਟੌਲ ਕਰਕੇ ਘਰਾਂ ਨੂੰ ਭੇਜਦੇ ਹਨ ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਨਗਰ ਨਿਗਮ ਵੱਲੋਂ ਭਗਤਾਂ ਵਾਲਾ ਡੰਪ ਦਾ ਕੂੜਾ ਪੱਕਾ ਬੰਦ ਕਰ ਦਿੱਤਾ ਹੈ ਝਬਾਲ ਰੋਡ ਤੇ ਨਿਰੰਤਰ ਕੂੜਾ ਸੁੱਟੇ ਜਾਣ ਦਾ ਮਤਾ ਪਾ ਦਿੱਤਾ ਜੋ ਕਿ ਲੋਕਾਂ ਦੇ ਅੱਖਾਂ ਵਿੱਚ ਘੱਟਾ ਪਾਉਣ ਦਾ ਕੰਮ ਨਗਰ ਨਿਗਮ ਕਰ ਰਹੀ ਹੈ ਬਾਕੀ ਰਹੀ ਗੱਲ ਡਾਕਟਰ ਗੁਪਤਾ ਨੇ ਇਥੋਂ ਕੂੜਾ ਸੁੱਟਣਾ ਬੰਦ ਕਰਵਾ ਦਿੱਤਾ ਤੇ 2027 ਵਿੱਚ ਲੋਕਾਂ ਦੀ ਕਚਹਿਰੀ ਵਿੱਚ ਜਾ ਕਿ ਆਪਣੀ ਵੋਟ ਮੰਗ ਸਕਣਗੇ ਨਹੀਂ ਤੇ ਜਮਾਨਤ ਜਬਤ ਦਾ ਰਾਹ ਵੇਖਣਾ ਪਵੇਗਾ। ਧਰਨਾਕਾਰੀਆ ਵਿੱਚ ਸਾਮਿਲ ਡਾਕਟਰ ਸੰਦੀਪ ਸਿੰਘ ਵਿਰਦੀ, ਮਲਕੀਤ ਸਿੰਘ ਪਟਰੋਲ ਪੰਪ ਵਾਲੇ, ਅਵਤਾਰ ਸਿੰਘ ਭੁੱਲਰ, ਗੱਬਰ ਪ੍ਰਾਪਟੀਡੀਲਰ, ਬਲਬੀਰ ਸਿੰਘ ਬਿੱਲਾ ਆਰੇਵਾਲੇ, ਜਸਬੀਰ ਸਿੰਘ ਭੁੱਲਰ, ਰਾਹੁਲ ਛਾਬੜਾ, ਰਾਘਵ ਆਹੂਜਾ, ਕਾਬਲ ਸਿੰਘ ਝਬਾਲ ਰੋਡ, ਮੋਜਾ ਆਨੰਦ ਐਵਨਿਊ, ਦਵਾਰਕਾ ਦਾਸ ਡਰੀਮ ਸਿਟੀ, ਰਾਜ ਕੁਮਾਰ ਆਨੰਦ ਐਵਨਿਊ, ਸੰਜੀਵ ਕੁਮਾਰ ਡਰੀਮ ਸਿਟੀ, ਹਾਜਰ ਸਨ। ਜਾਗਦਾ ਜਮੀਰ ਦੇ ਪ੍ਰਧਾਨ ਸੁਭਾਸ ਸਹਿਗਲ ਵੱਲੋਂ ਐਲਾਨ ਕੀਤਾ ਹੈ ਜੇਕਰ ਸਾਸਨ ਅਤੇ ਪ੍ਰਸਾਸਨ ਵੱਲੋਂ ਕੋਈ ਇਨਸਾਫ ਨਾਂ ਮਿਲਿਆ ਤੇ ਅਗਲੇ ਵਿੱਚ ਪੱਕਾ ਧਰਨਾ ਲਗਾਇਆ ਜਾਵੇਗਾ।






ਜਨਮ ਦਿਨ ਮੁਬਾਰਕ

ਗੋਪਾਲਸ਼ਰਨ ਸਿੰਘ
ਪਿਤਾ ਬਜਰੰਗਜੀਤ ਸਿੰਘ
ਮਾਤਾ ਸਰਬਜੀਤ ਕੌਰ
ਜੰਡਿਆਲਾ ਗੁਰੂ, ਅੰਮ੍ਰਿਤਸਰ
ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਮਦਮੀ ਟਕਸਾਲ ਵੱਲੋਂ ਨਗਰ ਕੀਰਤਨ ਦਾ ਸੁਆਗਤ

# ਪੰਜਾ ਪਿਆਰਿਆਂ ਸਾਹਿਬਾਨ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ

## ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਮਹਾਂਪੁਰਖਾ ਦਾ ਧੰਨਵਾਦ ਕੀਤਾ ਗਿਆ














ਆਵਾਜ਼ਿ ਕੌਮ AWAZE QAUM International Newspaper & WEB TV



**ਚੌਕ ਮਹਿਤਾ,26ਅਕੂਤਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਜੀ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦੀ350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਪੰਜਾ ਪਿਆਰਿਆਂ ਦੀ ਅਗਵਾਈ ਹੇਠ ਧੰਨ ਧੰਨ ਸਾਹਿਬ ਸ਼੍ਰੀ ਗ੍ਰੰਥ ਸਾਹਿਬ ਜੀ ਦੀ ਛਤਰ ਸਾਇਆਂ ਹੇਠ ਆਰੰਭ ਹੋਏ ਮਹਾਨ ਨਗਰ ਕੀਰਤਨ ਦਮਦਮੀ ਟਕਸਾਲ ਦੇ ਹੈਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਜਥਾ ਭਿੰਡਰਾਂ ਮਹਿਤਾ ਵਿਖੇ ਪਹੁੰਚਾਇਆ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਦਮਦਮੀ ਟਕਸਾਲ ਦੇ ਹਜੂਰੀ ਕਥਾਵਾਚਕ ਗਿਆਨੀ ਸਾਹਿਬ ਸਿੰਘ, ਤਰਨਾਂ ਦੱਲ ਮਹਿਤਾ ਦੇ ਮੁੱਖੀ ਜੱਥੇਦਾਰ ਅਜ਼ੀਤ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ,ਦਮਦਮੀ ਟਕਸਾਲ ਦੇ ਹੈਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ ਪ੍ਰੋਫੈਸਰ ਜੋਬਨਪਰੀਤ ਸਿੰਘ ਭਾਈ ਨਿਰਮਲ ਸਿੰਘ ਅਤੇ ਦਮਦਮੀ ਟਕਸਾਲ ਦੇ ਜ਼ਿੰਮੇਵਾਰ ਸਿੰਘਾਂ ਨੇ ਨਗਰ ਕੀਰਤਨ ਦਾ ਵਿੱਚ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲਾ ਦੁਸ਼ਾਲਾ ਅਤੇ ਪੰਜਾ ਪਿਆਰਿਆਂ ਸਾਹਿਬਾਨ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਤਖਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਦੇ ਯੋਗ ਪ੍ਰਬੰਧਾ ਹੇਠ ਇਹ ਜਾਗ੍ਰਤੀ ਯਾਤਰਾ ਕੱਢੀ ਜਾ ਰਹੀ ਹੈ ਜਿਸ ਵਿਚ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਜੀ ਅਤੇ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਵੱਲੋਂ ਵਿਸ਼ੇਸ਼ ਰੂਪ ਵਿਚ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਮਹਾਂਪੁਰਖਾ ਦਾ ਧੰਨਵਾਦ ਕੀਤਾ ਗਿਆ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਪਿੰਡ ਪੁੰਨਾਵਾਲ ਦੀ 1 ਕਰੋੜ 50 ਲੱਖ ਰੁਪਏ ਨਾਲ ਬਦਲੀ ਨੁਹਾਰ

# ਸਕੂਲ ਆਫ਼ ਹੈਪੀਨੈਸ, ਕਮਿਊਨਿਟੀ ਹਾਲ ਤੇ ਪਾਰਕਾਂ ਨੇ ਪਿੰਡ ਨੂੰ ਨਵੀਂ ਪਹਿਚਾਣ ਦਿੱਤੀ









**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਨਾਲ ਲੈਸ ਕਰਨ ਲਈ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ ਉਤੇ ਪਿੰਡਾਂ ਵਿੱਚ ਵਿਕਾਸ ਕਾਰਜ ਅਰੰਭੇ ਹੋਏ ਹਨ। ਇਸੇ ਲੜੀ ਤਹਿਤ ਧੂਰੀ ਹਲਕੇ ਦੇ ਪਿੰਡ ਪੁੰਨਾਵਾਲ ਵਿੱਚ ਕਰੀਬ 1 ਕਰੋੜ 50 ਲੱਖ ਰੁਪਏ ਨਾਲ ਪਿੰਡ ਵਿੱਚ ਟਿਊਬਵੈਲ, ਸੜਕਾਂ ਤੇ ਗਲੀਆਂ ਦੀ ਉਸਾਰੀ ਤੇ ਪ੍ਰਾਇਮਰੀ ਸਕੂਲ ਵਿੱਚ ਸਕੂਲ ਆਫ਼ ਹੈਪੀਨੈਸ ਵਰਗੀਆਂ ਪਹਿਲਕਦਮੀਆਂ ਨੇ ਪਿੰਡ ਨੂੰ ਨਵੀਂ ਪਹਿਚਾਣ ਦਿੱਤੀ ਹੈ।



### ਪੁੰਨਾਵਾਲ ਪਿੰਡ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਨਾਲ ਕਰਿਆ ਜਾ ਰਿਹੈ ਲੈਸ: ਸਰਪੰਚ

ਪੁੰਨਾਵਾਲ ਪਿੰਡ ਦੇ ਸਰਪੰਚ ਸ੍ਰੀਮਤੀ ਰਾਜ ਰਾਣੀ ਦੇ ਪਤੀ ਨੌਜਵਾਨ ਆਗੂ ਗੋਬਿੰਦਰ ਖੰਗੂੜਾ ਨੇ ਦੱਸਿਆ ਕਿ ਪਿੰਡ ਵਿੱਚ ਗਲੀਆਂ ਵਿੱਚ ਬਲਾਕ ਟਾਈਲ ਲਗਾਉਣ ਦਾ ਕੰਮ ਚੱਲ ਰਿਹਾ ਹੈ, ਜਦਕਿ ਪਿਛਲੇ ਸਾਢੇ ਤਿੰਨ ਸਾਲਾਂ ਦੌਰਾਨ 25 ਲੱਖ ਰੁਪਏ ਦੀ ਲਾਗਤ ਨਾਲ ਕਮਿਊਨਿਟੀ ਹਾਲ, 24 ਲੱਖ ਰੁਪਏ ਨਾਲ ਗਲੀਆਂ ਦੀ ਉਸਾਰੀ, 13 ਲੱਖ ਰੁਪਏ ਨਾਲ ਟਿਊਬਵੈੱਲ, 25 ਲੱਖ ਰੁਪਏ ਨਾਲ ਛੱਪੜ ਦੀ ਉਸਾਰੀ ਸਮੇਤ 40 ਲੱਖ ਰੁਪਏ ਪ੍ਰਾਇਮਰੀ ਸਕੂਲ ਨੂੰ ਸਕੂਲ ਆਫ਼ ਹੈਪੀਨੈਸ ਤਹਿਤ ਮਿਲੇ ਹਨ, ਜਿਸ ਨਾਲ ਸਕੂਲ ਵਿੱਚ ਤਿੰਨ ਹੋਰ ਕਮਰਿਆਂ ਦੀ ਉਸਾਰੀ ਕਰਵਾਈ ਗਈ ਹੈ। ਉਨ੍ਹਾਂ ਦੱਸਿਆ ਕਿ ਪਿੰਡ ਦੇ ਸ਼ਮਸ਼ਾਨਘਾਟ ਦੀ ਚਾਰਦੀਵਾਰੀ, ਸੈਕੰਡਰੀ ਸਕੂਲ ਦੀ ਚਾਰਦੀਵਾਰੀ

ਆਵਾਜ਼ਿ ਕੌਮ AWAZE QAUM International Newspaper & WEB TV

ਦੀ ਮੁਰੰਮਤ ਤੋਂ ਇਲਾਵਾ ਪਿੰਡਾਂ ਦੀਆਂ ਸੜਕਾਂ ਅਤੇ ਗਲੀਆਂ ਦੀ ਉਸਾਰੀ ਕਰਵਾਈ ਗਈ ਹੈ।

ਉਨ੍ਹਾਂ ਦੱਸਿਆ ਕਿ ਪਿੰਡ ਦੇ ਵਿਕਾਸ ਲਈ ਲਗਾਤਾਰ ਫ਼ੰਡ ਮਿਲਣ ਸਦਕਾ ਪੁੰਨਾਵਾਲ ਦਾ ਵਿਕਾਸ ਤੇਜ਼ੀ ਨਾਲ ਹੋਇਆ ਹੈ ਤੇ ਪਿੰਡ ਵਿੱਚ ਸ਼ਹਿਰ ਵਾਲੀ ਹਰੇਕ ਸਹੂਲਤ ਉਪਲਬਧ ਹੋ ਰਹੀ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਵੱਲ ਦਿੱਤੀ ਜਾ ਰਹੀ ਵਿਸ਼ੇਸ਼ ਤਵੱਜੋ ਲਈ ਧੰਨਵਾਦ ਕਰਦਿਆਂ ਕਿਹਾ ਕਿ ਪਿੰਡਾਂ ਦਾ ਵਿਕਾਸ ਹੋਣ ਨਾਲ ਸੂਬੇ ਦਾ ਵਿਕਾਸ ਵੀ ਤੇਜ਼ੀ ਨਾਲ ਹੋਵੇਗਾ।

## ਪਰਾਲੀ ਨੂੰ ਅੱਗ ਲਾਉਣ ਦੀਆਂ

# ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਨੇ ਕਮਰ ਕਸੀ

ਸੰਗਰੂਰ ( ਰਣਜੀਤ ਸਿੰਘ ਪੇਧਨੀ ) ਜ਼ਿਲ੍ਹਾ ਸੰਗਰੂਰ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਕਾਬੂ ਕਰਨ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਹਰ ਯਤਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਫੀਲਡ ਵਿੱਚ ਕੰਮ ਕਰ ਰਹੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਰੋਜ਼ਾਨਾ ਫੀਲਡ ਵਿੱਚ ਰਹਿਣ ਅਤੇ ਡਿਊਟੀ ਪੂਰੀ ਤਨਦੇਹੀ ਨਾਲ ਕਰਨ ਲਈ ਹਦਾਇਤ ਕੀਤੀ ਗਈ ਹੈ। ਇਸ ਸਬੰਧੀ ਹੁਕਮ ਜਾਰੀ ਕਰਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਕਿਹਾ ਕਿ ਸਾਰੇ ਐੱਸ ਡੀ ਐੱਮਜ਼ ਅਤੇ ਡੀ ਐੱਸ ਪੀਜ਼ ਰੋਜ਼ਾਨਾ 1 ਹੌਟ ਸਪਾਟ ਪਿੰਡ ਦਾ ਜ਼ਰੂਰ ਦੌਰਾ ਕਰਨਗੇ। ਇਸ ਦੌਰੇ ਦੌਰਾਨ ਉਹ ਜਿਥੇ ਅੱਗ ਲੱਗਣ ਦੀਆਂ ਘਟਨਾਵਾਂ ਦੀ ਨਜ਼ਰਸਾਨੀ ਕਰਨਗੇ ਉਥੇ ਹੀ ਕਿਸਾਨਾਂ ਨਾਲ ਰਾਬਤਾ ਕਰਕੇ ਉਹਨਾਂ ਨੂੰ ਅੱਗ ਨਾ ਲਗਾਉਣ ਸੰਬੰਧੀ ਜਾਗਰੂਕ ਵੀ ਕਰਨਗੇ। ਇਸੇ ਤਰ੍ਹਾਂ ਕਲੱਸਟਰ ਅਤੇ ਨੋਡਲ ਅਧਿਕਾਰੀਆਂ ਨੂੰ ਸਮੇਂ ਸਮੇਂ ਉੱਤੇ ਜੀ ਪੀ ਐਸ ਲੋਕੇਸ਼ਨ ਵਾਲੀਆਂ ਤਸਵੀਰਾਂ ਭੇਜਣ ਲਈ ਕਿਹਾ ਗਿਆ ਹੈ, ਤਾਂ ਜੋ ਉਹਨਾਂ ਦੀ ਫੀਲਡ ਵਿੱਚ ਹਾਜ਼ਰੀ ਯਕੀਨੀ ਬਣਾਈ ਜਾ ਸਕੇ। ਉਹਨਾਂ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਿਨੱਚਰਵਾਰ, ਐਤਵਾਰ ਅਤੇ ਸਰਕਾਰੀ



ਆਵਾਜ਼ਿ ਕੌਮ AWAZE QAUM International Newspaper & WEB TV

ਛੁੱਟੀਆਂ ਨੂੰ ਵੀ ਫੀਲਡ ਵਿੱਚ ਨਜ਼ਰਸਾਨੀ ਰੱਖਣ। ਉਹਨਾਂ ਕਿਹਾ ਕਿ ਪਿਛਲੇ ਸਾਲ ਦੇ ਮੁਕਾਬਲੇ ਮੰਡੀਆਂ ਵਿੱਚ ਫਸਲ ਦੀ ਆਮਦ ਬਹੁਤ ਹੀ ਦੇਰੀ ਨਾਲ ਹੈ। ਪਰ ਹੁਣ ਮੌਸਮ ਠੀਕ ਹੋਣ ਕਾਰਨ ਇਕੋ ਦਮ ਕਟਾਈ ਅਤੇ ਮੰਡੀਆਂ ਵਿੱਚ ਝੋਨੇ ਦੀ ਆਮਦ ਵਧੇਗੀ। ਜਿਸ ਨਾਲ ਅੱਗ ਲੱਗਣ ਦੀਆਂ ਘਟਨਾਵਾਂ ਵੀ ਵੱਧ ਸਕਦੀਆਂ ਹਨ। ਉਹਨਾਂ ਸਪੱਸ਼ਟ ਕੀਤਾ ਕਿ ਜੇਕਰ ਇਹ ਘਟਨਾਵਾਂ ਵੱਧਦੀਆਂ ਹਨ ਤਾਂ ਕਿਸਾਨਾਂ ਦੇ ਨਾਲ ਨਾਲ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਵੀ ਜ਼ਿੰਮੇਵਾਰ ਸਮਝਿਆ ਜਾਵੇਗਾ। ਉਹਨਾਂ ਕਿਹਾ ਕਿ ਫੀਲਡ ਵਿੱਚ ਕੰਮ ਕਰਨ ਵਾਲੀਆਂ ਟੀਮਾਂ ਅੱਗ ਲੱਗਣ ਦੀਆਂ ਘਟਨਾਵਾਂ ਬਾਰੇ ਰੋਜ਼ਾਨਾ ਰਿਪੋਰਟ ਦਿਆ ਕਰਨਗੀਆਂ। ਜੇਕਰ ਕੋਈ ਵੀ ਅੱਗ ਲੱਗਦੀ ਹੈ ਤਾਂ ਅੱਗ ਦੀ ਹਰੇਕ ਘਟਨਾ ਬਾਰੇ ਡੀ ਸੀ ਦਫ਼ਤਰ ਆ ਕੇ ਰਿਪੋਰਟ ਦੇਣੀ ਪਵੇਗੀ। ਡਿਪਟੀ ਕਮਿਸ਼ਨਰ ਸ਼੍ਰੀ ਚਾਬਾ ਨੇ ਦੱਸਿਆ ਕਿ ਪਰਾਲੀ ਸਾੜਨ ਦੀਆਂ ਘਟਨਾਵਾਂ ਨਾਲ ਨਜਿੱਠਣ ਅਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਵਰਤਣ ਲਈ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਹੋਇਆ ਹੈ। ਜਿਸ ਦਾ ਕਿਸਾਨਾਂ ਅਤੇ ਆਮ ਲੋਕਾਂ ਨੂੰ ਭਰਪੂਰ ਲਾਭ ਲੈਣਾ ਚਾਹੀਦਾ ਹੈ। ਪਰਾਲੀ ਸਾੜਨ ਦੀ ਸੂਚਨਾ ਮਿਲਣ ਉਤੇ ਲਾਈਨ ਵਿਭਾਗਾਂ ਅਤੇ ਆਮ ਲੋਕਾਂ ਨਾਲ ਸਹੀ ਤਾਲਮੇਲ ਲਈ ਇਹ ਕੰਟਰੋਲ ਰੂਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਧਰਾਤਲ ਮੰਜ਼ਿਲ ਸਥਿਤ ਸਹਾਇਕ ਕਮਿਸ਼ਨਰ (ਜਨਰਲ) ਦੇ ਦਫ਼ਤਰ (ਕਮਰਾ ਨੰਬਰ 18) ਵਿਖੇ ਬਣਾਇਆ ਗਿਆ ਹੈ। ਕੰਟਰੋਲ ਰੂਮ ਦਾ ਨੰਬਰ 01672-234196 ਹੈ, ਜਿਹੜਾ ਕਿ ਰੋਜ਼ਾਨਾ ਸਵੇਰੇ 8 ਵਜੇ ਤੋਂ ਲੈਕੇ ਸ਼ਾਮ 8 ਵਜੇ ਤੱਕ ਕਾਰਜਸ਼ੀਲ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਸੰਗਰੂਰ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਅਤੇ ਕਿਸਾਨਾਂ ਨੂੰ ਵੱਧ ਤੋਂ ਵੱਧ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ ਲਈ ਜਾਗਰੂਕ ਕਰਨ ਲਈ ਸ਼੍ਰੀ ਰੋਹਿਤ ਸਿੰਗਲਾ, ਐਕਸੀਅਨ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਸੰਗਰੂਰ ਨੂੰ ਨੋਡਲ ਅਧਿਕਾਰੀ ਲਾਇਆ ਗਿਆ ਹੈ।

### ਡਿਪਟੀ ਕਮਿਸ਼ਨਰ ਦਾ ਹੁਕਮ, ਐੱਸ ਡੀ ਐੱਮਜ਼ ਅਤੇ ਡੀ ਐੱਸ ਪੀਜ਼ ਰੋਜ਼ਾਨਾ ਕਰਨਗੇ ਹੌਟ ਸਪਾਟ ਪਿੰਡਾਂ ਦਾ ਦੌਰਾ

# ਪਰਾਲੀ ਸਬੰਧੀ ਨਿਯਮਾਂ ਦੀ ਉਲੰਘਣਾ 'ਤੇ ਹੋਵੇਗੀ ਸਖ਼ਤ ਕਾਰਵਾਈ: ਡੀਐਸਪੀ ਦੀਪਇੰਦਰਪਾਲ ਸਿੰਘ

## ਡੀਐਸਪੀ ਲਹਿਰਾ ਵੱਲੋਂ ਪਰਾਲੀ ਸਾੜਨ ਨੂੰ ਰੋਕਣ ਲਈ ਸਰਪੰਚਾਂ, ਨੰਬਰਦਾਰਾਂ ਅਤੇ ਚੌਕੀਦਾਰਾਂ ਨਾਲ ਮੀਟਿੰਗ



**ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ )**-ਪਰਾਲੀ ਸਾੜਨ ਦੇ ਅਮਲ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕੰਟਰੋਲ ਕਰਨ ਅਤੇ ਕਿਸਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ, ਡੀਐਸਪੀ ਲਹਿਰਾ, ਦੀਪਇੰਦਰਪਾਲ ਸਿੰਘ ਨੇ ਲਹਿਰਾ ਸਬ-ਡਵੀਜ਼ਨ ਅਧੀਨ ਆਉਂਦੇ ਪਿੰਡਾਂ ਦੇ ਸਰਪੰਚਾਂ, ਨੰਬਰਦਾਰਾਂ ਅਤੇ ਚੌਕੀਦਾਰਾਂ ਨਾਲ ਲਹਿਰਾ ਪੁਲਿਸ ਸਟੇਸ਼ਨ ਵਿਖੇ ਮੀਟਿੰਗ ਕੀਤੀ। ਮੀਟਿੰਗ ਦਾ ਉਦੇਸ਼ ਪਿੰਡਾਂ ਦੇ ਨੁਮਾਇੰਦਿਆਂ ਨੂੰ ਪਰਾਲੀ ਸਾੜਨ ਦੇ ਨੁਕਸਾਨਦੇਹ ਪ੍ਰਭਾਵਾਂ ਅਤੇ ਇਸ ਨੂੰ ਰੋਕਣ ਲਈ ਸਮੂਹਿਕ ਯਤਨਾਂ ਦੀ ਜ਼ਰੂਰਤ ਬਾਰੇ ਜਾਗਰੂਕ ਕਰਨਾ ਸੀ। ਇਕੱਠ ਨੂੰ ਸੰਬੋਧਨ ਕਰਦਿਆਂ ਡੀਐਸਪੀ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਵਾਤਾਵਰਨ ਨੂੰ ਗੰਭੀਰ ਨੁਕਸਾਨ ਹੁੰਦਾ ਹੈ, ਹਵਾ ਪ੍ਰਦੂਸ਼ਣ ਹੁੰਦਾ ਹੈ ਅਤੇ ਜਨਤਕ ਸਿਹਤ 'ਤੇ ਮਾੜਾ ਪ੍ਰਭਾਵ ਪੈਂਦਾ ਹੈ, ਖਾਸ ਕਰ ਕੇ ਬੱਚਿਆਂ ਅਤੇ ਬਜ਼ੁਰਗ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਪੁਲਿਸ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਵਿਭਾਗ ਨਾਲ ਤਾਲਮੇਲ ਕਰਕੇ ਪਿੰਡਾਂ ਵਿੱਚ ਪਰਾਲੀ ਸਾੜਨ ਨੂੰ ਰੋਕਣ ਲਈ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੈ। ਡੀਐਸਪੀ ਨੇ ਸਰਪੰਚਾਂ ਅਤੇ ਨੰਬਰਦਾਰਾਂ ਨੂੰ ਅਪੀਲ ਕੀਤੀ ਕਿ ਉਹ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਵਾਤਾਵਰਣ ਪੱਖੀ ਅਭਿਆਸਾਂ ਜਿਵੇਂ ਕਿ ਹੈਪੀ ਸੀਡਰ, ਸੁਪਰ ਸੀਡਰ, ਮਲਚਰ ਅਤੇ ਕੰਪੋਸਟਿੰਗ ਵਿਧੀਆਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਚੌਕੀਦਾਰਾਂ ਨੂੰ ਵੀ ਚੌਕਸ ਰਹਿਣ ਅਤੇ ਪਰਾਲੀ ਸਾੜਨ ਦੀ ਕਿਸੇ ਵੀ ਘਟਨਾ ਦੀ ਤੁਰੰਤ ਸਥਾਨਕ ਪੁਲਿਸ ਨੂੰ ਰਿਪੋਰਟ ਕਰਨ ਦੀ ਹਦਾਇਤ ਕੀਤੀ ਤਾਂ ਜੋ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਅੱਗੇ ਦੱਸਿਆ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਪਰ ਪੁਲਿਸ ਅਤੇ ਪ੍ਰਸ਼ਾਸਨ ਦਾ ਮੁੱਖ ਉਦੇਸ਼ ਜਾਗਰੂਕਤਾ ਫੈਲਾਉਣਾ ਅਤੇ ਸਖ਼ਤ ਕਾਰਵਾਈ ਦੀ ਬਜਾਏ ਸਵੈ-ਇੱਛਤ ਪਾਲਣਾ ਨੂੰ ਉਤਸ਼ਾਹਿਤ ਕਰਨਾ ਹੈ। ਡੀਐਸਪੀ ਨੇ ਪਿੰਡ ਦੇ ਮੁਖੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਜੋ ਪਹਿਲਾਂ ਹੀ ਸਾਫ਼ ਹਵਾ ਅਤੇ ਟਿਕਾਊ ਖੇਤੀ ਬਾਰੇ ਜਾਗਰੂਕਤਾ ਵਧਾਉਣ ਦੇ ਪੱਖ ਨੂੰ ਉਤਸ਼ਾਹਿਤ ਕਰ ਰਹੇ ਹਨ। ਉਨ੍ਹਾਂ ਨੇ ਸਾਰੇ ਹਾਜ਼ਰੀਨ ਨੂੰ ਲਹਿਰਾ ਸਬ-ਡਵੀਜ਼ਨ ਨੂੰ ਪਰਾਲੀ ਸਾੜਨ ਤੋਂ ਮੁਕਤ ਬਣਾਉਣ ਅਤੇ ਇੱਕ ਸਾਫ਼ ਅਤੇ ਹਰਾ-ਭਰਾ ਪੰਜਾਬ ਬਣਾਉਣ ਲਈ ਇਕੱਠੇ ਕੰਮ ਕਰਨ ਦੀ ਅਪੀਲ ਕੀਤੀ। ਡੀਐਸਪੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਪੁਲਿਸ, ਪ੍ਰਸ਼ਾਸਨ ਅਤੇ ਪੇਂਡੂ ਨੁਮਾਇੰਦਿਆਂ ਦੇ ਸਾਂਝੇ ਯਤਨਾਂ ਨਾਲ, ਇਹ ਖੇਤਰ ਪਰਾਲੀ ਸਾੜਨ ਦੀ ਸਮੱਸਿਆ 'ਤੇ ਸਫਲਤਾਪੂਰਵਕ ਕਾਬੂ ਪਾ ਲਵੇਗਾ। ਮੀਟਿੰਗ ਵਿੱਚ ਵੱਖ-ਵੱਖ ਪੁਲਿਸ ਅਧਿਕਾਰੀ ਅਤੇ ਸਬ-ਡਵੀਜ਼ਨ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚ, ਨੰਬਰਦਾਰ ਅਤੇ ਚੌਕੀਦਾਰ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਕਿਸੇ ਵੀ ਹਾਲ ਪਰਾਲੀ ਨੂੰ ਅੱਗ ਨਾ ਲਾਉਣ ਕਿਸਾਨ: ਐਸਡੀਐਮ ਚਰਨਜੋਤ ਸਿੰਘ ਵਾਲੀਆ

### ਪਰਾਲੀ ਪ੍ਰਬੰਧਨ ਯਤਨਾਂ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪਰਾਲੀ ਸਾੜਨ ਦੀ ਪ੍ਰਥਾ ਨੂੰ ਰੋਕਣ ਅਤੇ ਪ੍ਰਭਾਵਸ਼ਾਲੀ ਰਹਿੰਦ-ਖੂੰਹਦ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ, ਉਪ-ਮੰਡਲ ਮੈਜਿਸਟਰੇਟ (ਐਸਡੀਐਮ) ਸੰਗਰੂਰ, ਸ਼੍ਰੀ ਚਰਨਜੋਤ ਸਿੰਘ ਵਾਲੀਆ ਨੇ ਖੇਤੀਬਾੜੀ, ਪੁਲਿਸ, ਮਾਲ, ਪੇਂਡੂ ਵਿਕਾਸ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਸਾੜਨ ਤੋਂ ਰੋਕਣ ਲਈ ਚਲਾਈਆਂ ਜਾ ਰਹੀਆਂ ਮੁਹਿੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਰਾਲੀ ਸਾੜਨ ਨਾਲ ਨਾ ਸਿਰਫ਼ ਵਾਤਾਵਰਣ ਪ੍ਰਦੂਸ਼ਣ ਹੁੰਦਾ ਹੈ ਬਲਕਿ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਜਨਤਕ ਸਿਹਤ 'ਤੇ ਵੀ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਜਾਗਰੂਕਤਾ ਮੁਹਿੰਮਾਂ ਅਤੇ ਖੇਤਰ-ਪੱਧਰੀ ਨਿਗਰਾਨੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਨਜ਼ਦੀਕੀ ਤਾਲਮੇਲ ਵਿੱਚ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਹਨਾਂ ਕਿਹਾ ਕਿ ਕਿਸਾਨ ਕਿਸੇ ਵੀ ਹਾਲ ਪਰਾਲੀ ਨੂੰ ਅੱਗ ਨਾ ਲਾਉਣ। ਸ਼੍ਰੀ ਵਾਲੀਆ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਖੇਤਾਂ ਦੇ ਦੌਰੇ ਤੇਜ਼ ਕਰਨ, ਕਿਸਾਨਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਹਦਾਇਤ ਕੀਤੀ ਕਿ ਸਰਕਾਰ ਦੁਆਰਾ ਪ੍ਰਦਾਨ ਕੀਤੀ ਗਈ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀਆਰਐਮ) ਮਸ਼ੀਨਰੀ ਦੀ ਸਹੀ ਵਰਤੋਂ ਕੀਤੀ ਜਾਵੇ। ਉਨ੍ਹਾਂ ਨੇ ਨੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਕਿਸਾਨਾਂ ਨੂੰ ਪਰਾਲੀ ਦੇ ਇਨ-ਸੀਟੂ ਪ੍ਰਬੰਧਨ ਤਕਨੀਕਾਂ ਅਤੇ ਹੋਰ ਵਿਕਲਪ ਅਪਣਾਉਣ ਲਈ ਪ੍ਰੇਰਿਤ ਕਰਨ। ਐਸਡੀਐਮ ਨੇ ਪੁਲਿਸ ਅਤੇ ਮਾਲ ਅਧਿਕਾਰੀਆਂ ਨੂੰ ਸਰਕਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਰਾਲੀ ਸਾੜਨ 'ਤੇ ਪਾਬੰਦੀ ਦੀ ਕਿਸੇ ਵੀ ਉਲੰਘਣਾ ਵਿਰੁੱਧ ਸਖ਼ਤ ਚੌਕਸੀ ਰੱਖਣ ਅਤੇ ਤੁਰੰਤ ਕਾਰਵਾਈ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਸਮੇਂ ਸਿਰ ਦਖਲ, ਭਾਈਚਾਰਕ ਸਹਿਯੋਗ ਦੇ ਨਾਲ, ਜ਼ਮੀਨੀ ਪੱਧਰ 'ਤੇ ਸਕਾਰਾਤਮਕ ਬਦਲਾਅ ਲਿਆ ਸਕਦਾ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਬਸਿਡੀਆਂ ਅਤੇ ਸਹੂਲਤਾਂ ਦਾ ਪੂਰਾ ਲਾਭ ਉਠਾਉਣ ਦੀ ਅਪੀਲ ਕੀਤੀ ਅਤੇ ਉਨ੍ਹਾਂ ਨੂੰ ਕਿਸੇ ਵੀ ਸਬੰਧਤ ਮੁੱਦੇ ਨੂੰ ਹੱਲ ਕਰਨ ਲਈ ਪੂਰੀ ਪ੍ਰਸ਼ਾਸਕੀ ਸਹਾਇਤਾ ਦਾ ਭਰੋਸਾ ਦਿੱਤਾ। ਮੀਟਿੰਗ ਸਾਰੇ ਹਾਜ਼ਰੀਨ ਦੁਆਰਾ ਸਾਂਝੇ ਯਤਨਾਂ ਦੇ ਸੱਦੇ ਨਾਲ ਸਮਾਪਤ ਹੋਈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਬ-ਡਿਵੀਜ਼ਨ ਟਿਕਾਊ ਪਰਾਲੀ ਪ੍ਰਬੰਧਨ ਅਤੇ ਵਾਤਾਵਰਨ ਸੁਰੱਖਿਆ ਵਿੱਚ ਇੱਕ ਮਿਸਾਲ ਕਾਇਮ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV